ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 20 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੭ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਜਲੰਧਰ 'ਚ ਚੱਲੀਆਂ ਤਾੜ-ਤਾੜ ਗੋਲੀਆਂ, ਗੈਂਗਸਟਰ ਦਾ ਹੋਇਆ ਐਨਕਾਊਂਟਰ



**ਜਲੰਧਰ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਵਿਚ ਪੁਲਸ ਵੱਲੋਂ ਐਨਕਾਊਂਟਰ ਕਰਨ ਦੀ ਖ਼ਬਰ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਮੁਤਾਬਕ ਜਲੰਧਰ ਵਿਚ ਪੁਲਸ ਵੱਲੋਂ ਗੈਂਗਸਟਰ ਦਾ ਐਨਕਾਊਂਟਰ ਕਰ ਦਿੱਤਾ ਗਿਆ। ਦੋਵੇਂ ਪਾਸਿਓਂ ਚੱਲੀਆਂ ਗੋਲ਼ੀਆਂ ਦੌਰਾਨ ਗੈਂਗਸਟਰ ਜ਼ਖ਼ਮੀ ਹੋਇਆ ਹੈ। ਉਕਤ ਗੈਂਗਸਟਰ ਗੌਂਡਰ ਗੈਂਗ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਪੁਲਸ ਨੇ 4 ਪਿਸਤੌਲਾਂ ਅਤੇ 100 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਮੁਲਜ਼ਮ ਖ਼ਿਲਾਫ਼ ਕਤਲ ਦੀ ਕੋਸ਼ਿਸ਼ ਤੇ ਜਬਰਨ ਵਸੂਲੀ ਦੇ ਮਾਮਲੇ ਦਰਜ ਹਨ। ਗਿਰੋਹ ਦੇ ਹੋਰ ਮੈਂਬਰਾਂ ਨੂੰ ਵੀ ਹਥਿਆਰ ਸਪਲਾਈ ਕਰਦਾ ਸੀ। ਦੋਵਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਕਤ ਮੁਠਭੇੜ ਰਿਕਵਰੀ ਆਪਰੇਸ਼ਨ ਦੌਰਾਨ ਹੋਈ।

## ਮਹਾਕੁੰਭ ਮੇਲਾ ਖੇਤਰ 'ਚ ਕਈ ਕੈਂਪ ਸੜ ਕੇ ਹੋਏ ਸੁਆਹ

# ਧਮਾਕੇ ਤੋਂ ਬਾਅਦ ਲੱਗੀ ਭਿਆਨਕ ਅੱਗ

**ਪ੍ਰਯਾਗਰਾਜ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪ੍ਰਯਾਗਰਾਜ ਮਹਾਕੁੰਭ ਮੇਲਾ ਖੇਤਰ ਵਿੱਚ ਅੱਗ ਲੱਗਣ ਦੀ ਖ਼ਬਰ ਹੈ, ਇਹ ਅੱਗ ਇੰਨੀ ਭਿਆਨਕ ਹੈ ਕਿ ਅੱਗ ਦੀਆਂ ਲਪਟਾਂ ਦੂਰੋਂ ਹੀ ਦਿਖਾਈ ਦੇ ਰਹੀਆਂ ਸਨ। ਇਸ ਦੌਰਾਨ ਅੱਗ ਬੁਝਾਉਣ ਲਈ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਹਨ ਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਇਸ ਅੱਗ ਕਾਰਨ ਕੁੰਭ ਦੇ ਆਲੇ-ਦੁਆਲੇ ਲੱਗੇ ਤੰਬੂ ਵੀ ਪ੍ਰਭਾਵਿਤ ਹੋਏ ਹਨ ਤੇ ਤੰਬੂਆਂ ਵਿੱਚ ਰੱਖੇ ਸਿਲੰਡਰ ਲਗਾਤਾਰ ਫਟ ਰਹੇ ਹਨ। ਮਹਾਂਕੁੰਭ ਖੇਤਰ ਵਿੱਚ ਲੱਗੀ ਇਹ ਭਿਆਨਕ ਅੱਗ ਇੰਨੀ ਭਿਆਨਕ ਹੈ ਕਿ ਇਸ ਵਿੱਚ 20 ਤੋਂ 25 ਤੰਬੂ ਸੜ ਗਏ ਹਨ। ਇਹ ਅੱਗ ਅਖਾੜੇ ਦੇ ਅੱਗੇ ਵਾਲੀ ਸੜਕ 'ਤੇ ਲੋਹੇ ਦੇ ਪੁਲ ਦੇ ਹੇਠਾਂ ਲੱਗੀ। ਇਸ ਦੇ ਨਾਲ ਹੀ ਪ੍ਰਸ਼ਾਸਨ ਰਾਹਤ ਅਤੇ ਬਚਾਅ ਕਾਰਜਾਂ ਨੂੰ ਤੇਜ਼ ਕਰ ਰਿਹਾ ਹੈ ਤੇ ਇਹ ਵੀ ਯਕੀਨੀ ਬਣਾ ਰਿਹਾ ਹੈ ਕਿ ਕੋਈ ਵੀ ਉੱਥੇ ਫਸਿਆ ਨਾ ਹੋਵੇ। ਇਸ ਦੌਰਾਨ, ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਮਹਾਂਕੁੰਭ ? ?ਖੇਤਰ ਵਿੱਚ ਅੱਗ ਲੱਗਣ ਦੀ ਘਟਨਾ ਦਾ ਨੋਟਿਸ ਲਿਆ। ਮੁੱਖ ਮੰਤਰੀ ਦੇ ਨਿਰਦੇਸ਼ਾਂ 'ਤੇ ਸੀਨੀਅਰ ਅਧਿਕਾਰੀ ਮੌਕੇ 'ਤੇ ਮੌਜੂਦ ਹਨ ਤੇ ਮੁੱਖ ਮੰਤਰੀ ਨੇ ਜ਼ਖਮੀਆਂ ਦੇ ਸਹੀ ਇਲਾਜ ਦੇ ਨਿਰਦੇਸ਼ ਦਿੱਤੇ ਹਨ। ਮਹਾਂਕੁੰਭ ਵਿੱਚ ਲੱਗੀ ਅੱਗ 'ਤੇ ਕਾਬੂ ਪਾ ਲਿਆ ਗਿਆ ਹੈ। ਇਸ ਅੱਗ ਕਾਰਨ ਕਈ ਕੈਂਪ ਸੜ ਕੇ ਸੁਆਹ ਹੋ ਗਏ ਹਨ। ਅੱਗ ਬੁਝਾਊ ਦਸਤੇ ਦੀਆਂ ਅੱਧੀ ਦਰਜਨ ਗੱਡੀਆਂ ਨੇ ਅੱਗ 'ਤੇ ਕਾਬੂ ਪਾਇਆ ਹੈ। ਇਹ ਭਿਆਨਕ ਅੱਗ ਸੈਕਟਰ 19 ਅਤੇ ਸੈਕਟਰ 5 ਦੀ ਸਰਹੱਦ 'ਤੇ ਪੁਰਾਣੀ ਜੀਟੀ ਰੋਡ ਕਰਾਸਿੰਗ ਦੇ ਨੇੜੇ ਲੱਗੀ। ਸਭ ਤੋਂ ਪਹਿਲਾਂ, ਵਿਵੇਕਾਨੰਦ ਕੈਂਪ ਵਿੱਚ ਅੱਗ ਲੱਗੀ, ਇਹ ਸ਼ੱਕ ਹੈ ਕਿ ਅੱਗ ਚੰਗਿਆੜੀ ਜਾਂ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਲੱਗੀ ਹੈ। ਅੱਗ ਕਾਰਨ ਇਹ ਕੈਂਪ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ ਹੈ। ਇਸ ਦੇ ਨਾਲ ਹੀ ਨੇੜਲੇ ਹੋਰ ਕੈਂਪਾਂ ਨੂੰ ਵੀ ਖਾਲੀ ਕਰਵਾ ਲਿਆ ਗਿਆ। ਅੱਗ ਨੇ ਕਈ ਹੋਰ ਕੈਂਪਾਂ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ, ਹਾਲਾਂਕਿ ਅੱਗ 'ਤੇ ਕਾਬੂ ਪਾ ਲਿਆ ਗਿਆ ਹੈ। ਹੁਣ ਤੱਕ ਕਿਸੇ ਵੀ ਸ਼ਰਧਾਲੂ ਦੇ ਨੁਕਸਾਨ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ। ਨਿਰਮਲ ਆਸ਼ਰਮ ਦੇ ਸਵਾਮੀ ਸ਼੍ਰੀ ਗੋਪੀ ਹਰੀ ਜੀ ਮਹਾਰਾਜ ਨੇ ਕਿਹਾ ਕਿ ਮਹਾਂਕੁੰਭ ? ?ਵਿੱਚ ਅੱਗ ਲੱਗਣ ਨਾਲ 6 ਸਿਲੰਡਰ ਫਟ ਗਏ ਸਨ ਅਤੇ ਬਾਕੀ ਸਿਲੰਡਰਾਂ ਨੂੰ ਕੱਢ ਦਿੱਤਾ ਗਿਆ ਸੀ। ਅੱਗ ਨੇ ਲਗਭਗ 10,000 ਵਰਗ ਫੁੱਟ ਦੇ ਖੇਤਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਪੂਰੇ ਖੇਤਰ ਦਾ ਕੱਪੜਾ ਸੜ ਗਿਆ, ਸਿਰਫ਼ ਬਾਂਸ ਦੇ ਡੰਡੇ ਬਚੇ ਸਨ। ਇਸ ਅੱਗ 'ਤੇ ਕਾਬੂ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ 20 ਦੇ ਕਰੀਬ ਗੱਡੀਆਂ ਪਹੁੰਚੀਆਂ ਹਨ।



## ਏਕੇ ਵੱਲ ਵਧ ਰਹੀਆਂ ਜਥੇਬੰਦੀਆਂ 'ਚ ਫੁੱਟ ਪਾਉਣ ਦੀ 'ਕੇਂਦਰੀ ਸਾਜ਼ਿਸ਼' ! ਮੀਟਿੰਗ ਲਈ SKM ਨੂੰ ਨਹੀਂ ਦਿੱਤਾ ਸੱਦਾ

**ਪਟਿਆਲਾ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-70 ਸਾਲਾ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਗਲੂਕੋਜ਼ ਦਿੱਤਾ ਗਿਆ। ਸ਼ਨੀਵਾਰ ਨੂੰ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸੰਯੁਕਤ ਸਕੱਤਰ ਪੰਜਾਬ ਅਤੇ ਹਰਿਆਣਾ ਦੀ ਖਨੌਰੀ ਸਰਹੱਦ 'ਤੇ ਪਹੁੰਚੇ। ਉਹ ਡੱਲੇਵਾਲ ਨੂੰ ਮਿਲੇ ਤੇ ਮੀਟਿੰਗ ਲਈ ਸੱਦਾ ਦਿੱਤਾ। ਕੇਂਦਰ ਤੋਂ ਗੱਲਬਾਤ ਦਾ ਪ੍ਰਸਤਾਵ ਮਿਲਣ ਤੋਂ ਬਾਅਦ, ਕਿਸਾਨ ਡੱਲੇਵਾਲ ਨੂੰ ਡਾਕਟਰੀ ਇਲਾਜ ਮੁਹੱਈਆ ਕਰਵਾਉਣ ਲਈ ਸਹਿਮਤ ਹੋ ਗਏ ਅਤੇ ਦੇਰ ਰਾਤ ਉਸਨੂੰ ਗਲੂਕੋਜ਼ ਦਿੱਤਾ ਗਿਆ। ਹੁਣ 14 ਫਰਵਰੀ ਨੂੰ ਚੰਡੀਗੜ੍ਹ ਵਿੱਚ ਭਾਰਤ ਸਰਕਾਰ ਅਤੇ ਪੰਜਾਬ ਦੇ ਮੰਤਰੀਆਂ ਨਾਲ ਕਿਸਾਨ ਸੰਗਠਨਾਂ ਦੀ ਮੀਟਿੰਗ ਹੋਵੇਗੀ। ਇਸ ਵਿੱਚ ਗੌਰ ਕਰਨ ਵਾਲੀ ਗੱਲ ਇਹ ਹੈ ਕਿ ਸੰਯੁਕਤ ਕਿਸਾਨ ਮੋਰਚਾ ਨੂੰ 14 ਫਰਵਰੀ ਨੂੰ ਹੋਣ ਵਾਲੀ ਮੀਟਿੰਗ ਵਿੱਚ ਸੱਦਾ ਨਹੀਂ ਦਿੱਤਾ ਗਿਆ ਹੈ। ਯਾਦ ਕਰਵਾ ਦਈਏ ਕਿ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਤੀਨਿਧੀਆਂ ਵਿੱਚ ਪ੍ਰਮੁੱਖ ਕਿਸਾਨ ਨੇਤਾ ਜੋਗਿੰਦਰ ਸਿੰਘ ਉਗਰਾਹਾਂ, ਬਲਬੀਰ ਸਿੰਘ ਰਾਜੇਵਾਲ ਤੇ ਦਰਸ਼ਨ ਪਾਲ ਸ਼ਾਮਲ ਹਨ। ਇਨ੍ਹਾਂ ਨੂੰ 14 ਫਰਵਰੀ ਨੂੰ ਚੰਡੀਗੜ੍ਹ ਵਿੱਚ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਅਤੇ ਕਿਸਾਨ ਮਜ਼ਦੂਰ ਮੋਰਚਾ ਦੀ ਅਗਵਾਈ ਵਾਲੇ ਪ੍ਰਦਰਸ਼ਨਕਾਰੀ ਯੂਨੀਅਨਾਂ ਨਾਲ ਮੁੱਦਿਆਂ 'ਤੇ ਚਰਚਾ ਕਰਨ ਲਈ ਬੁਲਾਈ ਗਈ ਮੀਟਿੰਗ ਲਈ ਸੱਦਾ ਨਹੀਂ ਦਿੱਤਾ ਹੈ। ਜ਼ਿਕਰ ਕਰ ਦਈਏ ਕਿ ਬੀਤੇ ਦਿਨ ਪਾਤੜਾਂ ਵਿੱਚ ਸ਼ੰਭੂ-ਖਨੌਰੀ ਸਰਹੱਦ 'ਤੇ ਬੈਠੇ ਕਿਸਾਨ ਆਗੂਆਂ ਤੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਵਿਚਕਾਰ ਇੱਕ ਮੀਟਿੰਗ ਹੋਈ। ਸਾਰੀਆਂ ਜਥੇਬੰਦੀਆਂ ਵਿੱਚ ਏਕਤਾ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਇਹ ਨਹੀਂ ਹੋ ਸਕਿਆ ਇਹ ਦੂਜੀ ਮੀਟਿੰਗ ਹੈ ਜੋ ਅਸਫਲ ਰਹੀ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਐਸਕੇਐਮ ਨੇ ਹੋਰ ਸਮਾਂ ਮੰਗਿਆ ਹੈ। ਮੀਟਿੰਗ ਵਿੱਚ 26 ਜਨਵਰੀ ਨੂੰ ਟਰੈਕਟਰ ਮਾਰਚ ਨੂੰ ਸਫਲ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਹੈ।

## ਮਨੂ ਭਾਕਰ ਦੇ ਘਰ ਟੁੱਟਿਆ ਦੁੱਖ ਦਾ ਪਹਾੜ, ਸੜਕ ਹਾਦਸੇ 'ਚ ਪਰਿਵਾਰ ਦੇ 2 ਜੀਆਂ ਦੀ ਮੌਤ



**ਚੰਡੀਗੜ੍ਹ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੀ ਸਟਾਰ ਨਿਸ਼ਾਨੇਬਾਜ਼ ਮਨੂ ਭਾਕਰ ਦੇ ਪਰਿਵਾਰ ਵਿੱਚ ਇੱਕ ਬਹੁਤ ਹੀ ਦਰਦਨਾਕ ਹਾਦਸਾ ਵਾਪਰਿਆ ਹੈ। ਭਾਰਤ ਦੇ ਰਾਸ਼ਟਰਪਤੀ ਤੋਂ ਵੱਕਾਰੀ ਖੇਡ ਰਤਨ ਪੁਰਸਕਾਰ ਪ੍ਰਾਪਤ ਕਰਨ ਦੇ ਦੋ ਦਿਨ ਬਾਅਦ, ਮਨੂ ਦੇ ਮਾਮਾ ਅਤੇ ਨਾਨੀ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ। ਮਨੂ ਦੇ ਮਾਮਾ ਯੁੱਧਵੀਰ ਸਿੰਘ ਹਰਿਆਣਾ ਵਿੱਚ ਸਟੇਟ ਟਰਾਂਸਪੋਰਟ ਵਿਭਾਗ ਵਿੱਚ ਕੰਮ ਕਰਦੇ ਸਨ। ਇਸ ਘਟਨਾ ਨੇ ਮਨੂ ਭਾਕਰ ਅਤੇ ਉਸ ਦੇ ਪਰਿਵਾਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਹ ਹਾਦਸਾ ਮਹਿੰਦਰਗੜ੍ਹ ਬਾਈਪਾਸ ਰੋਡ 'ਤੇ ਉਸ ਸਮੇਂ ਵਾਪਰਿਆ ਜਦੋਂ ਮਨੂ ਭਾਕਰ ਦੇ ਮਾਮਾ ਯੁੱਧਵੀਰ ਸਿੰਘ ਅਤੇ ਦਾਦੀ ਸਾਵਿਤਰੀ ਦੇਵੀ ਸਕੂਟਰ 'ਤੇ ਜਾ ਰਹੇ ਸਨ। ਜਾਣਕਾਰੀ ਮੁਤਾਬਕ ਸਕੂਟਰ ਨੂੰ ਗਲਤ ਦਿਸ਼ਾ ਤੋਂ ਆ ਰਹੀ ਤੇਜ਼ ਰਫਤਾਰ ਕਾਰ ਨੇ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਜ਼ਮੀਨ 'ਤੇ ਡਿੱਗ ਗਏ ਅਤੇ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਰਾਜ ਦੇ ਟਰਾਂਸਪੋਰਟ ਵਿਭਾਗ ਵਿੱਚ ਡਰਾਈਵਰ ਵਜੋਂ ਕੰਮ ਕਰਨ ਵਾਲਾ ਯੁੱਧਵੀਰ ਸਿੰਘ ਕੰਮ 'ਤੇ ਜਾ ਰਿਹਾ ਸੀ, ਜਦੋਂ ਇਹ ਹਾਦਸਾ ਵਾਪਰਿਆ। ਉਨ੍ਹਾਂ ਦੀ ਮਾਂ ਸਾਵਿਤਰੀ ਦੇਵੀ ਆਪਣੇ ਛੋਟੇ ਪੁੱਤਰ ਨਾਲ ਲੋਹਾਰੂ ਚੌਕ ਵਿਖੇ ਉਸ ਨੂੰ ਮਿਲਣ ਗਈ ਹੋਈ ਸੀ। ਜਿਵੇਂ ਹੀ ਉਹ ਦੋਵੇਂ ਕਲਿਆਣ ਮੋੜ ਇਲਾਕੇ 'ਚ ਪਹੁੰਚੇ ਤਾਂ ਉਨ੍ਹਾਂ ਨੂੰ ਇਕ ਕਾਰ ਨੇ ਟੱਕਰ ਮਾਰ ਦਿੱਤੀ, ਜੋ ਤੇਜ਼ ਰਫਤਾਰ ਨਾਲ ਅਤੇ ਸੜਕ ਦੇ ਗਲਤ ਦਿਸ਼ਾ ਤੋਂ ਆ ਰਹੀ ਸੀ। ਕਾਰ ਚਾਲਕ ਕੰਟਰੋਲ ਗੁਆ ਬੈਠਾ ਅਤੇ ਸਕੂਟਰ ਨਾਲ ਟਕਰਾ ਗਿਆ। ਕਾਰ ਸੜਕ ਕਿਨਾਰੇ ਪਲਟ ਗਈ। ਹਾਦਸੇ ਤੋਂ ਤੁਰੰਤ ਬਾਅਦ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਸਥਾਨਕ ਪੁਲਿਸ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ 'ਚ ਲੈ ਲਿਆ, ਜਿਨ੍ਹਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ। ਅਧਿਕਾਰੀਆਂ ਨੇ ਹਾਦਸੇ ਲਈ ਜ਼ਿੰਮੇਵਾਰ ਡਰਾਈਵਰ ਨੂੰ ਫੜਨ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਨੇ ਸਥਾਨਕ ਭਾਈਚਾਰੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਸਮੇਂ ਮਨੂ ਭਾਕਰ ਦਾ ਪਰਿਵਾਰ ਮੁਸ਼ਕਿਲ ਸਮੇਂ ਵਿੱਚੋਂ ਲੰਘ ਰਿਹਾ ਹੈ।

## ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿੱਪ ਮੁਹਿੰਮ 20 ਤੋਂ ਹੋਵੇਗੀ ਸ਼ੁਰੂ, ਪਾਰਟੀ ਦਾ ਇਲਜ਼ਾਮ-ਵੱਡੇ ਪੱਧਰ 'ਤੇ ਬਣਾਈਆਂ ਜਾ ਰਹੀਆਂ ਨੇ ਜਾਅਲੀ ਵੋਟਾਂ

**ਚੰਡੀਗੜ੍ਹ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੇ 21 ਜਨਵਰੀ ਨੂੰ ਹੋਣ ਵਾਲੀ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਮੀਟਿੰਗ ਮੁਲਤਵੀ ਕਰ ਦਿੱਤੀ ਹੈ। ਹੁਣ ਇਹ ਮੀਟਿੰਗ 22 ਜਨਵਰੀ ਨੂੰ ਦੁਪਹਿਰ 12 ਵਜੇ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਹੋਵੇਗੀ। ਇਹ ਜਾਣਕਾਰੀ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਸੋਸ਼ਲ ਮੀਡੀਆ ਅਕਾਊਂਟ ਐਕਸ 'ਤੇ ਪੋਸਟ ਕਰਕੇ ਦਿੱਤੀ ਹੈ। ਹਾਲਾਂਕਿ, ਪਾਰਟੀ ਦੇ ਸੰਸਦੀ ਬੋਰਡ ਦੀ ਮੀਟਿੰਗ ਪਹਿਲਾਂ ਤੋਂ ਨਿਰਧਾਰਤ ਸਮੇਂ ਅਨੁਸਾਰ ਕੱਲ੍ਹ, 20 ਜਨਵਰੀ ਨੂੰ ਦੁਪਹਿਰ 1 ਵਜੇ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਹੋਵੇਗੀ। ਸਾਰੇ ਪਾਰਟੀ ਆਗੂਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕੱਲ੍ਹ ਸਵੇਰ ਤੋਂ ਪਾਰਟੀ ਹੈੱਡਕੁਆਰਟਰ ਤੋਂ ਮੈਂਬਰਸ਼ਿਪ ਕਿਤਾਬਚੇ ਪ੍ਰਾਪਤ ਕਰਨ। ਡਾ. ਚੀਮਾ ਨੇ ਆਪਣੀ ਪੋਸਟ ਵਿੱਚ ਲਿਖਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੇ ਸ਼੍ਰੋਮਣੀ ਕਮੇਟੀ ਦੀਆਂ ਵੋਟਰ ਸੂਚੀਆਂ ਵਿੱਚ ਵੱਡੇ ਪੱਧਰ 'ਤੇ ਜਾਅਲੀ ਵੋਟਾਂ ਦੀ ਰਜਿਸਟ੍ਰੇਸ਼ਨ ਦੇ ਸਬੰਧ ਵਿੱਚ ਆਪਣੇ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਮੀਟਿੰਗ ਕਰਨ ਦਾ ਫੈਸਲਾ ਕੀਤਾ ਹੈ। ਇਹ ਮੀਟਿੰਗ ਪਹਿਲਾਂ 21 ਜਨਵਰੀ ਨੂੰ ਹੋਣੀ ਤੈਅ ਸੀ। ਹੁਣ ਸ਼੍ਰੋਮਣੀ ਅਕਾਲੀ ਦਲ ਦੇ ਐਸਜੀਪੀਸੀ ਮੈਂਬਰਾਂ ਦੀ ਮੀਟਿੰਗ 22 ਜਨਵਰੀ ਨੂੰ ਦੁਪਹਿਰ 12 ਵਜੇ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਹੋਵੇਗੀ। ਕਿਉਂਕਿ ਰਿਟਰਨਿੰਗ ਅਫਸਰਾਂ ਕੋਲ ਇਤਰਾਜ਼ ਦਾਇਰ ਕਰਨ ਦੀ ਆਖਰੀ ਮਿਤੀ 23 ਜਨਵਰੀ ਹੈ, ਇਸ ਲਈ ਪਾਰਟੀ ਨੇ ਆਪਣੇ ਸਾਰੇ ਮੈਂਬਰਾਂ ਅਤੇ ਹੋਰ ਆਗੂਆਂ ਨੂੰ ਅਪੀਲ ਕੀਤੀ ਹੈ ਕਿ ਉਹ ਗੈਰ-ਸਿੱਖ ਤੇ ਹੋਰ ਜਾਅਲੀ ਵੋਟਾਂ ਸੰਬੰਧੀ ਸਾਰੇ ਇਤਰਾਜ਼ ਲਿਖਤੀ ਰੂਪ ਵਿੱਚ ਸਬੰਧਤ ਰਿਟਰਨਿੰਗ ਅਫਸਰਾਂ ਨੂੰ ਸਮੇਂ ਦੇ ਅੰਦਰ ਦਰਜ ਕਰਵਾਉਣ। ਇਸ ਤੋਂ ਬਾਅਦ, ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਗੁਰਦੁਆਰਾ ਚੋਣਾਂ ਦੇ ਮੁੱਖ ਕਮਿਸ਼ਨਰ ਸਾਹਮਣੇ ਸਾਰਾ ਮੁੱਦਾ ਉਠਾਏਗੀ। ਸ਼ਿਡਊਲ ਅਨੁਸਾਰ ਸੰਸਦੀ ਬੋਰਡ ਦੀ ਮੀਟਿੰਗ ਕੱਲ੍ਹ, 20 ਜਨਵਰੀ ਨੂੰ ਦੁਪਹਿਰ 1 ਵਜੇ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਹੋਵੇਗੀ। ਮੈਂਬਰਸ਼ਿਪ ਮੁਹਿੰਮ ਵੀ ਕੱਲ੍ਹ, 20 ਜਨਵਰੀ ਤੋਂ ਸ਼ੁਰੂ ਹੋਵੇਗੀ। ਸਾਰੇ ਪਾਰਟੀ ਆਗੂਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਕੱਲ੍ਹ ਸਵੇਰ ਤੋਂ ਪਾਰਟੀ ਹੈੱਡਕੁਆਰਟਰ ਤੋਂ ਮੈਂਬਰਸ਼ਿਪ ਕਿਤਾਬਚੇ ਪ੍ਰਾਪਤ ਕਰਨ। ਸ਼੍ਰੋਮਣੀ ਅਕਾਲੀ ਦਲ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਮੈਂਬਰਸ਼ਿਪ ਮੁਹਿੰਮ 20 ਤੋਂ 25 ਮਾਰਚ ਤੱਕ ਚਲਾਈ ਜਾਵੇਗੀ। 25 ਲੱਖ ਮੈਂਬਰ ਬਣਾਉਣ ਦਾ ਟੀਚਾ ਰੱਖਿਆ ਗਿਆ ਹੈ। ਇਸ ਲਈ ਸਾਰੇ ਹਲਕਿਆਂ ਲਈ ਇੰਚਾਰਜਾਂ ਦੀ ਡਿਊਟੀ ਲਗਾਈ ਗਈ ਹੈ। ਸੁਖਬੀਰ ਸਿੰਘ ਬਾਦਲ ਦੇ ਅਸਤੀਫ਼ੇ ਤੋਂ ਬਾਅਦ ਇਹ ਸੀਟ ਖਾਲੀ ਹੋਣ ਕਾਰਨ 1 ਮਾਰਚ ਨੂੰ ਨਵੇਂ ਮੁਖੀ ਦੀ ਚੋਣ ਕੀਤੀ ਜਾਵੇਗੀ।



## ਪੰਜਾਬ 'ਚ ਵਾਪਰਿਆ ਰੂਹ-ਕੰਬਾਊ ਹਾਦਸਾ, ਤੇਲ ਦੇ ਟੈਂਕਰ ਨੇ 4 ਵਿਅਕਤੀਆਂ ਨੂੰ ਦਰੜਿਆ

**ਫਤਹਿਗੜ੍ਹ ਸਾਹਿਬ, , 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਰਹਿੰਦ ਜੀ.ਟੀ. ਰੋਡ ਤੇ ਚਾਵਲਾ ਚੌਂਕ ਨੇੜੇ ਇੱਕ ਸੜਕ ਹਾਦਸੇ ਵਿੱਚ 2 ਵਿਅਕਤੀਆਂ ਦੀ ਮੌਤ ਹੋ ਜਾਣ ਅਤੇ 02 ਵਿਅਕਤੀਆਂ ਦੇ ਗੰਭੀਰ ਰੂਪ ਵਿੱਚ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ। ਥਾਣਾ ਸਰਹਿੰਦ ਦੇ ਸਬ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਜੁਗਨੂੰ ਰਾਜਭਾਰ ਨੇ ਪੁਲਸ ਨੂੰ ਸ਼ਿਕਾਇਤ ਕੀਤੀ ਕਿ ਉਸ ਨਾਲ ਸੰਦੀਪ ਕੁਮਾਰ ਅਤੇ ਪ੍ਰਦੀਪ ਦੋਵੇਂ ਕੰਪਨੀ 'ਚ ਲੇਬਰ ਦਾ ਕੰਮ ਕਰਦੇ ਹਨ। ਉੱਥੇ ਹੀ ਜੁਗਨੂੰ ਨੇ ਦੋ ਵਿਅਕਤੀ ਚੰਦਰਸ਼ੇਖਰ ਅਤੇ ਲੂਟਨ ਨੂੰ ਵੀ ਕੰਮ ਲਈ ਸਰਹਿੰਦ ਬੁਲਾ ਲਿਆ। ਇਸ ਦੌਰਾਨ ਜਦੋਂ ਜੁਗਨੂੰ, ਸੰਦੀਪ ਤੇ ਪ੍ਰਦੀਪ ਤਿਨੋਂ ਮਿਲ ਕੇ ਦੋਵਾਂ ਵਿਅਕਤੀਆਂ ਨੂੰ ਲੈਣ ਲਈ ਗਏ। ਜਦੋਂ ਪ੍ਰਦੀਪ, ਚੰਦਰਸ਼ੇਖਰ ਅਤੇ ਲੂਟਨ ਚਾਰੇ ਵਿਅਕਤੀ ਜੁਗਨੂੰ ਤੋਂ ਥੋੜੀ ਅੱਗੇ-ਅੱਗੇ ਜਾ ਰਹੇ ਸਨ ਤਾਂ ਪਿੱਛੇ ਸਰਹਿੰਦ ਵੱਲੋਂ ਆ ਰਹੇ ਇੱਕ ਤੇਜ਼ ਰਫ਼ਤਾਰ ਤੇਲ ਵਾਲੇ ਟੈਂਕਰ ਨੇ ਚਾਰਾਂ 'ਤੇ ਟੈਂਕਰ ਚੜਾ ਦਿੱਤਾ। ਇਸ ਦੌਰਾਨ ਚਾਰਾਂ ਵਿਅਕਤੀਆਂ ਦੇ ਸੱਟਾਂ ਲੱਗੀਆਂ ਅਤੇ ਲੂਟਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੰਦੀਪ ਕੁਮਾਰ, ਪ੍ਰਦੀਪ ਅਤੇ ਚੰਦਰਸ਼ੇਖਰ ਨੂੰ ਜ਼ਿਆਦਾ ਸੱਟਾਂ ਲੱਗੀਆਂ ਹੋਣ ਕਾਰਨ ਸੈਕਟਰ 32 ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਅਤੇ ਚੰਡੀਗੜ੍ਹ ਪਹੁੰਚ ਕੇ ਸੰਦੀਪ ਕੁਮਾਰ ਦੀ ਵੀ ਮੌਤ ਹੋ ਗਈ। ਜਦਕਿ ਪ੍ਰਦੀਪ ਅਤੇ ਚੰਦਰਸ਼ੇਖਰ ਦਾ ਇਲਾਜ ਹਸਪਤਾਲ ਵਿੱਚ ਚੱਲ ਰਿਹਾ ਹੈ। ਜੁਗਨੂੰ ਰਾਜਭਰ ਦੇ ਬਿਆਨ 'ਤੇ ਟੈਂਕਰ ਚਾਲਕ ਹਰਦੀਪ ਸਿੰਘ ਦੇ ਖਿਲਾਫ ਥਾਣਾ ਸਰਹਿੰਦ ਵਿਖੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸੈਫ ਅਲੀ ਖਾਨ 'ਤੇ ਹਮਲਾ ਕਰਨ ਵਾਲਾ ਸ਼ਖਸ਼ ਗ੍ਰਿਫ਼ਤਾਰ, ਮੁੰਬਈ ਪੁਲਿਸ ਨੇ ਇੰਞ ਕੀਤਾ ਕਾਬੂ

ਮਸ਼ਹੂਰ ਅਦਾਕਾਰ ਸੈਫ ਅਲੀ ਖਾਨ 'ਤੇ ਚਾਕੂ ਨਾਲ ਹੋਏ ਹਮਲੇ ਦੇ ਮਾਮਲੇ ਵਿੱਚ ਮੁੰਬਈ ਪੁਲਿਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੇ ਦੱਸਿਆ ਕਿ ਸਵੇਰੇ 2.30 ਵਜੇ ਦੇ ਕਰੀਬ ਦੋਸ਼ੀ ਨੂੰ ਠਾਣੇ ਦੇ ਹੀਰਾਨੰਦੀ ਇਲਾਕੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀ ਵਿਅਕਤੀ ਦਾ ਨਾਮ ਵਿਜੇ ਦਾਸ ਦੱਸਿਆ ਜਾ ਰਿਹਾ ਹੈ। ਪੁਲਿਸ ਦਾ ਕਹਿਣਾ ਹੈ ਕਿ ਦੋਸ਼ੀ ਇੱਥੇ ਮਜ਼ਦੂਰਾਂ ਦੇ ਵਿਚਕਾਰ ਆਇਆ ਅਤੇ ਠਹਿਰਿਆ ਸੀ। ਉਹ ਇੱਕ ਸਾਲ ਪਹਿਲਾਂ ਇੱਥੇ ਕੰਮ ਕਰਦਾ ਸੀ। ਸੈਫ ਅਲੀ ਖਾਨ 'ਤੇ 16 ਜਨਵਰੀ ਦੀ ਰਾਤ ਨੂੰ ਉਨ੍ਹਾਂ ਦੇ ਘਰ 'ਤੇ ਹਮਲਾ ਹੋਇਆ ਸੀ। ਪੁਲਿਸ ਦੇ ਅਨੁਸਾਰ, ਮੁੰਬਈ ਦੇ ਬਾਂਦਰਾ ਵਿੱਚ 'ਸਤਿਗੁਰੂ ਸ਼ਰਨ' ਇਮਾਰਤ ਦੀ 12ਵੀਂ ਮੰਜ਼ਿਲ 'ਤੇ ਸਥਿਤ ਉਨ੍ਹਾਂ ਦੇ ਘਰ ਵਿੱਚ ਚੋਰੀ ਦੀ ਕੋਸ਼ਿਸ਼ ਦੌਰਾਨ ਹਮਲਾਵਰ ਨੇ ਸੈਫ 'ਤੇ ਕਈ ਵਾਰ ਚਾਕੂ ਨਾਲ ਹਮਲਾ ਕੀਤਾ ਸੀ। ਉਦੋਂ ਤੋਂ, ਉਹ ਮੁੰਬਈ ਦੇ ਲੀਲਾਵਤੀ ਹਸਪਤਾਲ ਵਿੱਚ ਇਲਾਜ ਅਧੀਨ ਹਨ।

# AWAZE QAUM TOUR & TRAVEL UK & SINGH TRAVEL CANADA JATHA

SINGH TRAVEL & TOURS LTD.

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

Tel: +44 7976 210161

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

### ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

IN LOVING MEMORY OF

# SARDARA SINGH



20th March 1951 - 13th January 2025

## Monday 20th January 2025

**ANTAM DARSHAN | 2:45 PM**
GURU NANAK GURDWARA SAHIB
162 WEST BROMWICH STREET, WALSALL
WS1 4DE

**ANTAM SANSKAR | 4:00 PM**
SANDWELL VALLEY CREMATORIUM,
NEWTON ROAD, WEST BROMWICH,
B71 3SX

**SEHAJ PATH BHOG| 5:00 PM**
GURU NANAK GURDWARA SAHIB
162 WEST BROMWICH STREET, WALSALL
WS1 4DE

Harmony

ਆਵਾਜ਼ਿ ਕੌਮ AWAZE QAUM International Newspaper & WEB TV




### ਸਮਾਜ ਸੇਵੀ, ਭਾਨ ਸਿੰਘ ਜੱਸੀ ਨੂੰ ਕਬੱਡੀ ਕੱਪ ਤੇ

# 3 ਲੱਖ ਰੁਪਏ ਦੀ ਰਾਸ਼ੀ ਨਾਲ ਕੀਤਾ ਜਾਵੇਗਾ ਸਨਮਾਨ : ਬਬਲੂ ਜੱਖਲਾਂ , ਸ਼ੇਬੀ ਕਾਂਝਲਾਂ

**ਧੂਰੀ ( ਰਣਜੀਤ ਸਿੰਘ ਪੇਧਨੀ)**-ਧੂਰੀ ਨੇੜਲੇ ਪਿੰਡ ਜੱਖਲਾਂ ਵਿਖੇ ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ (ਰਜਿ:) ਧੂਰੀ ਜ਼ਿਲ੍ਹਾ ਸੰਗਰੂਰ ਵੱਲੋਂ 22 ਜਨਵਰੀ ਨੂੰ ਕਰਵਾਏ ਜਾਣ ਵਾਲੇ ਦਸਵੇਂ ਤੇ ਇੱਕ ਰੋਜ਼ਾ ਅੰਤਰਰਾਸ਼ਟਰੀ ਕਬੱਡੀ ਕੱਪ ਉੱਤੇ ਹੋਰਨਾ ਸ਼ਖਸੀਅਤਾਂ ਦੇ ਨਾਲ ਨਾਲ ਵਿਸ਼ੇਸ਼ ਤੌਰ ਤੇ ਪੰਜਾਬ ਦੇ ਉੱਘੇ ਸਮਾਜ ਸੇਵੀ ਸ: ਭਾਨ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੰਘ ਜੱਸੀ ਨੂੰ 3 ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।ਉਪਰੋਕਤ ਜਾਣਕਾਰੀ ਦਿੰਦਿਆਂ ਕਲੱਬ ਦੇ ਚੇਅਰਮੈਨ ਸ: ਹਰਦੀਪ ਸਿੰਘ ਬਬਲੂ ਜੱਖਲਾਂ ( ਯੂ.ਐਸ.ਏ ) ਅਤੇ ਕਲੱਬ ਦੇ ਪ੍ਰਧਾਨ ਸ: ਗੁਰਸੇਵ ਸਿੰਘ ਸੇਬੀ ਕਾਂਝਲਾ ਨੇ ਦੱਸਿਆ ਕਿ ਕਲੱਬ ਵੱਲੋਂ ਕਰਾਏ ਜਾ ਰਹੇ ਦਸਵੇਂ ਕਬੱਡੀ ਕੱਪ ਤੇ ਮੇਜਰ ਲੀਗ ਦੀਆਂ ਕਬੱਡੀ ਟੀਮਾਂ ਵਿਚ ਵਿਸ਼ਵ ਪ੍ਰਸਿੱਧੀ ਹਾਸਲ ਕਰ ਚੁੱਕੇ ਕਬੱਡੀ ਖਿਡਾਰੀਆਂ ਦੇ ਆਪਸ ਵਿੱਚ ਹੋਣ ਵਾਲੇ ਸਖਤ ਮੁਕਾਬਲੇ ਵੇਖਣਯੋਗ ਹੋਣਗੇ ਅਤੇ ਖੇਡ ਪ੍ਰੇਮੀਆਂ ਲਈ ਖਿੱਚ ਦਾ ਕੇਂਦਰ ਬਨਣਗੇ। ਦੋਵਾਂ ਆਗੂਆਂ ਨੇ ਦੱਸਿਆ ਕਿ ਸਮਾਜ ਸੇਵੀ ਸ: ਭਾਨ ਸਿੰਘ ਜੱਸੀ ਝੁੱਗੀਆਂ ਅਤੇ ਸਲੱਮ ਥਾਵਾਂ ਉੱਤੇ ਰਹਿੰਦੇ ਅਤੇ ਨਰਕ ਭਰੀ ਜਿੰਦਗੀ ਬਤੀਤ ਕਰ ਰਹੇ ਗਰੀਬਾਂ ਦੇ ਬੱਚਿਆਂ ਨੂੰ ਪਿਛਲੇ 21 ਵਰਿਆਂ ਤੋਂ ਮੁਫਤ ਪੜਾਉਣ ਅਤੇ ਹੋਰਨਾਂ ਲੋੜਵੰਦ ਲੋਕਾਂ ਦੀ ਔਖੇ ਸਮਿਆਂ ਵਿੱਚ ਮੱਦਦ ਕਰਨ ਦੀ ? ਸੇਵਾ ਨਿਵਾਉਣ ਵਿੱਚ ਲੱਗੇ ਹੋਏ ਹਨ, ਗੁਰੂ ਨਾਨਕ ਦੇ ਫਲਸਫੇ ਤੇ ਪਹਿਰਾ ਦੇਣ ਅਤੇ ਇਸ ਨੂੰ ਅਮਲੀ ਜਾਮਾ ਪਹਿਨਾਉਣ ਲਈ ਯਤਨਸ਼ੀਲ ਸਮਾਜ ਸੇਵੀ ਭਾਨ ਸਿੰਘ ਜੱਸੀ ( ਜੱਸੀ ਪੇਧਨੀ ) ਦੁਆਰਾ ਗਰੀਬਾਂ ਦੇ ਬੱਚਿਆਂ ਨੂੰ ਪੜਾਉਣ ਅਤੇ ਸੰਕਟਮਈ ਹਾਲਾਤਾਂ ਵਿੱਚ ਲੋੜਵੰਦ ਲੋਕਾਂ ਦੀ ਮਦਦ ਕਰਨ ਲਈ ਚਲਾਏ ਜਾ ਰਹੇ ਇਸ ਨਿਵੇਕਲੇ ਮਿਸ਼ਨ ਨੂੰ ਕੋਈ ਸਰਕਾਰੀ ਧਨ ਰਾਸ਼ੀ ਜਾਂ



### ਜੱਖਲਾਂ ਦੇ ਕਬੱਡੀ ਕੱਪ ਤੇ ਪਹੁੰਚਣਗੇ ਪੰਜਾਬ ਦੇ ਪ੍ਰਸਿੱਧ ਕਬੱਡੀ ਖਿਡਾਰੀ

ਕੋਈ ਹੋਰ ਗਰਾਂਟ ਨਹੀਂ ਮਿਲ ਰਹੀ, ਉਹ ਖੁਦ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਦਾ ਵੱਡਾ ਹਿੱਸਾ ਕੱਢਦੇ ਹਨ ਜਾਂ ਆਪਣੇ ਦੋਸਤਾਂ ਜਾਂ ਫਿਰ ਗੁਰੂ ਨਾਨਕ ਪਾਤਸ਼ਾਹ ਦੇ ਰਾਹਾਂ ਤੇ ਅਮਲਾਂ ਵਿੱਚ ਚੱਲਣ ਦੀਆਂ ਇਲਾਹੀ ਖੁਸ਼ੀਆਂ ਪਰਾਪਤ ਕਰਨ ਲਈ ਹਰ ਸਮੇਂ ਯਤਨਸ਼ੀਲ ਰਹਿੰਦੇ ਵੀਰਾਂ ਤੇ ਭੈਣਾਂ ਵੱਲੋਂ ਆਪਣੇ ਦਸਵੰਧ ਦਾ ਸਹਿਯੋਗ ਦਿੱਤਾ ਜਾ ਰਿਹਾ ਹੈ, ਕਲੱਬ ਆਗੂਆਂ ਨੇ ਦੱਸਿਆ ਕਿ ਬਿਜਲੀ ਮਹਿਕਮੇ ਵਿੱਚੋਂ ਬਤੌਰ , ਜੇ.ਈ ਸੇਵਾ ਮੁਕਤ ਹੋਏ ਅਤੇ ਸਰਵਿਸ ਦੌਰਾਨ ਇਮਾਨਦਾਰੀ ਦੇ ਰਾਹਾਂ ਤੇ ਚੱਲਣ ਦਾ ਨਾਮਣਾ ਖੱਟਣ ਵਾਲੇ ਉੱਘੇ ਸਮਾਜ ਸੇਵੀ ਸ: ਭਾਨ ਸਿੰਘ ਜੱਸੀ , ਗਰੀਬਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੇ ਨੋਵਲ ਕਾਰਜ ਦੇ ਇਸ ਮਿਸ਼ਨ ਨੂੰ ਅਨੇਕਾਂ ਤਰ੍ਹਾਂ ਦੀਆਂ ਚੁਣੌਤੀਆਂ ਦੇ ਬਾਵਜੂਦ ਦ੍ਰਿੜਤਾ ਅਤੇ ਪੂਰਨ ਇਮਾਨਦਾਰੀ ਨਾਲ ਬਾਖੂਬੀ ਚਲਾ ਰਹੇ ਹਨ । ਲੋਕਾਂ ਲਈ ਉਨਾਂ ਦੀ ਜਿੰਦਗੀ ਇੱਕ ਪਰੇਰਨਾਸਰੋਤ ਬਣ ਚੁੱਕੀ ਹੈ।

## ਸੰਤ ਆਸ਼ਰਮ ਨਰੈਣਸਰ ਸੇਖਾਂ ,ਜਲੂਰ ਵਿਖੇ ਮਹਾਨ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਸੁਰੂ ਬਾਬਾ ਭਰਪੂਰ ਸਿੰਘ

ਧੂਰੀ ( ਰਣਜੀਤ ਸਿੰਘ ਪੇਧਨੀ ) ਸੱਚਖੰਡ ਵਾਸੀ ਬਾਬਾ ਨਰੈਣ ਸਿੰਘ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਅਤੇ ਮਿੱਠੀ ਯਾਦ ਨੂੰ ਤਾਜ਼ਾ ਕਰਦਿਆਂ ਗੁਰਦੁਆਰਾ ਸਾਹਿਬ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਮਿਤੀ 1, 2 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਦੀਆ ਤਿਆਰੀਆਂ ਸੁਰੂ ਹੋ ਚੁੱਕੀਆਂ ਹਨ, ਸੰਗਤਾ ਦੇ ਲਈ ਆਉਣ ਜਾਣ ਰਹਿਣ ਸਹਿਣ ਦੇ ਖਾਸ ਪਰਬੰਧ ਕੀਤੇ ਜਾ ਰਹੇ ਹਨ। ਇਸ ਦੇ ਸਬੰਧ ਵਿੱਚ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸਾਹਿਬ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਸਾਹਿਬ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ



ਵਾਲਿਆਂ ਨੇ ਕਿਹਾ ਕਿ ਅਖੰਡ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿਚ ਪ੍ਰਸਿੱਧ ਕਥਾ ਵਾਚਕ, ਸਿੱਖ ਧਰਮ ਦੇ ਪ੍ਰਚਾਰਕ, ਕਵੀਸ਼ਰੀ ਜਥੇ, ਰਾਗੀ-ਢਾਡੀ ਅਤੇ ਸੰਤਾਂ ਮਹਾਂਪੁਰਖਾਂ ਵਲੋਂ ਗੁਰਬਾਣੀ ਦੇ ਕੀਰਤਨ ਤੇ ਕਥਾ-ਵਖਿਆਨ ਦੁਆਰਾ ਸੰਗਤਾਂ ਨੂੰ ਸੰਤ ਬਾਬਾ ਰਣਜੀਤ ਸਿੰਘ ਤਪਾ ਦਰਾਜ ਮੁਹਾਲੀ ਵਾਲੇ ਵਿਸ਼ੇਸ ਤੌਰ 'ਤੇ ਸੰਤ ਬਾਬਾ ਨਰੈਣ ਸਿੰਘ ਮੋਨੀ ਜੀ ਦੇ ਜੀਵਨ ਬਾਰੇ ਸੰਗਤਾਂ ਕਥਾ ਵਿਚਾਰਾਂ ਦੀ ਸਾਂਝ ਪਾਉਣਗੇ। ਗੁਰੂ ਕਾ ਲੰਗਰ ਅਤੇ ਲੱਡੂਆ ਦਾ ਭੰਡਾਰਾ ਅਟੁੱਟ ਵਰਤੇਗਾ । ਇਸ ਮੌਕੇ ਜਥੇਦਾਰ ਮੱਖਣ ਸਿੰਘ, ਜਥੇਦਾਰ ਜਗਸੀਰ ਸਿੰਘ ਹਾਜ਼ਰ ਸਨ।

## ਪੰਮਾ ਬਾਠ ਨੇ ਫ਼ਿਲਮ 'ਐਮਰਜੈਂਸੀ' 'ਤੇ ਪਾਬੰਦੀ ਲਗਾਉਣ ਦੀ ਸਰਕਾਰ ਤੋਂ ਕੀਤੀ ਮੰਗ

ਧੂਰੀ ( ਰਣਜੀਤ ਸਿੰਘ ਪੇਧਨੀ ) ਹਿਮਾਚਲ ਦੇ ਮੰਡੀ ਤੋਂ ਭਾਜਪਾ ਦੀ ਸੰਸਦ ਮੈਂਬਰ ਕੰਗਨਾ ਰਣੌਤ ਦੀ ਰਿਲੀਜ਼ ਹੋਣ ਵਾਲੀ ਵਿਵਾਦਿਤ ਫ਼ਿਲਮ ' ਐਮਰਜੈਸੀ ਤੇ ਮੁੱਖ ਮੰਤਰੀ ਭਗਵੰਤ ਨੂੰ ਅਪੀਲ ਕੀਤੀ ਹੈ ਕਿ ਉਹ ਐਮਰਜੈਂਸੀ ਫ਼ਿਲਮ 'ਤੇ ਪਾਬੰਦੀ ਲਗਾਉਣ ਤਾਂ ਜੋ ਸੂਬੇ ਦੀ ਸ਼ਾਂਤੀ ਨੂੰ ਭੰਗ ਹੋਣ ਤੋਂ ਰੋਕਿਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਕੇ ਸੈਂਟਰਲ ਬੋਰਡ ਆਫ ਫਿਲਮ ਸਰਟੀਫਿਕੇਸ਼ਨ ਅਤੇ ਕੇਂਦਰ ਸਰਕਾਰ ਕੋਲ ਕਈ ਸ਼ਿਕਾਇਤਾਂ ਦਰਜ ਕਰਵਾਈਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਅਜਿਹੀ ਵਿਵਾਦਤ ਫਿਲਮ ਰਾਹੀਂ ਸਿੱਖਾਂ ਦੇ ਅਕਸ ਨੂੰ ਖ਼ਰਾਬ ਕਰਨ ਲਈ ਕੰਗਨਾ ਰਣੌਤ ਦਾ ਸਮਰਥਨ ਕਰ ਰਹੀ ਹੈ।ਉਨ੍ਹਾਂ ਸਿੱਖਾਂ ਨੂੰ ਜਾਣਬੁੱਝ ਕੇ ਨਕਾਰਾਤਮਕ ਰੋਲ ਵਿੱਚ ਪੇਸ਼ ਕਰਨ ਵਾਲੀ ਇਸ ਵਿਵਾਦਿਤ ਫ਼ਿਲਮ ਨੂੰ ਦੇਖਣ ਤੋਂ ਗੁਰੇਜ਼ ਕਰਨ ਲਈ ਆਮ ਲੋਕਾਂ ਨੂੰ ਅਪੀਲ ਕੀਤੀ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਹਰ ਹਾਲਤ ਵਿੱਚ ਫ਼ਿਲਮ 'ਐਮਰਜੈਂਸੀ' 'ਤੇ ਪਾਬੰਦੀ ਲਗਾਉਣ ਦੀ ਜ਼ੋਰਦਾਰ ਅਪੀਲ ਕੀਤੀ।



# ਅੰਮ੍ਰਿਤ ਸੰਚਾਰ 26 ਜਨਵਰੀ ਦਿਨ ਐਤਵਾਰ ਨੂੰ ਸਵੇਰੇ 11 ਵਜੇ ਹੋਵੇਗਾ

## ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਅੱਡਾ ਬਾਉਲੀ, ਰਾਮ ਤੀਰਥ ਰੋਡ, ਸ਼੍ਰੀ ਅੰਮ੍ਰਿਤਸਰ ਦੇ ਮੁੱਖਪ੍ਰਬੰਧਕ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਅਤੇ ਬਾਬਾ ਕੁੰਦਨ ਸਿੰਘ ਜੀ

ਆਵਾਜ਼ਿ ਕੌਮ AWAZE QAUM International Newspaper & WEB TV



ਦੀ 100 ਸਾਲਾ ਜਨਮ ਸ਼ਤਾਬਦੀ ਨੂੰ ਮਨਾਉਂਦੇ ਹੋਏ ਮਹਾਨ ਇਕੋਤਰੀ ਸਮਾਗਮ 101 ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ 9 ਜਨਵਰੀ ਤੋਂ 27 ਜਨਵਰੀ ਤੱਕ ਦਾਤਾ ਬੰਦੀ ਛੋੜ ਪਬਲਿਕ ਸਕੂਲ ,ਰਾਮ ਤੀਰਥ ਰੋਡ ,ਅੰਮ੍ਰਿਤਸਰ ਵਿਖੇ ਹੋ ਰਹੇ ਹਨ ਅੱਜ ਮਹਾਨ ਇਕੋਤਰੀ ਸਮਾਗਮ ਦੀ ਪੰਜਵੀਂ ਲੜੀ 'ਚ 13 ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਚੱਲ ਰਹੇ ਹਨ। ਇਸ ਮੌਕੇ ਭਾਈ ਅਮਨਦੀਪ ਸਿੰਘ ਜੀ ਬੀਬੀ ਕੋਲਾਂ ਵਾਲਿਆਂ ਦੇ ਕੀਰਤਨੀ ਜੱਥੇ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਵਾਲੇ,ਅਤੇ ਬਾਬਾ ਸੁੱਚਾ ਸਿੰਘ ਜੀ ਸ਼ਾਂਗਾ ਖੁਰਦ ਫਿਰੋਜ਼ਪੁਰ ਵਾਲੇ ਨਤਮਸਤਕ ਹੋਏ। ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਭਾਈ ਅਮਨਦੀਪ ਸਿੰਘ ਜੀ ਬੀਬੀ ਕੋਲਾਂ ਵਾਲਿਆਂ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜ ਸਲਾਂਘਾ ਯੋਗ ਹਨ। ਇਸ ਮੌਕੇ ਜਥੇਦਾਰ ਸਾਹਿਬ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਸਾਨੂੰ ਸਭ ਨੂੰ ਨਿਤਨੇਮ ਅਤੇ ਬਾਣੀ-ਬਾਣੇ ਦੇ ਧਾਰਨੀ ਹੋਣਾ ਚਾਹੀਦਾ ਹੈ। ਭਾਈ ਅਮਨਦੀਪ ਸਿੰਘ ਜੀ ਵੱਲੋਂ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਭਾਈ ਅਮਨਦੀਪ ਸਿੰਘ ਜੀ ਨੇ ਦੱਸਿਆ ਇਹ ਗੁਰਬਾਣੀ ਦਾ ਜੱਗ 9 ਜਨਵਰੀ ਤੋਂ 27 ਜਨਵਰੀ ਤੱਕ ਨਿਰੰਤਰ ਚੱਲੇਗਾ। ਜਿਸ ਵਿੱਚ ਰੋਜਾਨਾ ਦੁਪਹਿਰ 12:00 ਵਜੇ ਤੋਂ 2 ਵਜੇ ਤੱਕ ਸਿੱਖ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਸੰਗਤਾਂ ਦੇ ਦਰਸ਼ਨ ਕਰਨੀਆਂ। ਉਹਨਾਂ ਦੱਸਿਆ 25 ਜਨਵਰੀ ਦਿਨ ਸ਼ਨੀਵਾਰ 12 ਵਜੇ ਬੱਚਿਆਂ ਦੀ ਸਮੂਹਿਕ ਦਸਤਾਰ ਬੰਦੀ ਹੋਵੇਗੀ।26 ਜਨਵਰੀ ਦਿਨ ਐਤਵਾਰ ਨੂੰ ਅੰਮ੍ਰਿਤ ਸੰਚਾਰ ਸਵੇਰੇ 11:00 ਵਜੇ ਹੋਵੇਗਾ ਅਤੇ ਉਪਰੰਤ ਜਪ ਤਪ ਸਮਾਗਮ ਹੋਣਗੇ ਅਤੇ 27 ਜਨਵਰੀ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਚੁਪਹਿਰਾ ਜਪ ਤਪ ਸਮਾਗਮ ਹੋਵੇਗਾ। ਇਹਨਾਂ ਸਮਾਗਮਾਂ ਵਿੱਚ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਗੁਰੂ ਘਰ ਦੇ ਕੀਰਤਨੀਏ ਸੰਗਤਾਂ ਦੇ ਦਰਸ਼ਨ ਕਰਨਗੇ ਭਾਈ ਸਾਹਿਬ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

### ਬੱਚਿਆਂ ਦੀ ਸਮੂਹਿਕ ਦਸਤਾਰ ਬੰਦੀ 25 ਜਨਵਰੀ ਦਿਨ ਸ਼ਨੀਵਾਰ ਨੂੰ ਹੋਵੇਗੀ-ਭਾਈ ਅਮਨਦੀਪ ਸਿੰਘ

## ਭਾਰਤ ਸਿੱਖ ਆਗੂਆਂ 'ਤੇ ਹਮਲੇ ਕਰਨੇ ਬੰਦ ਕਰੇ ਅਤੇ ਗੈਰ-ਕਾਨੂੰਨੀ ਕਤਲਾਂ ਲਈ ਜਿੰਮੇਵਾਰ ਅਧਿਕਾਰੀਆਂ ਦੀ

# ਪਾਰਦਰਸ਼ਤਾ ਨਾਲ ਕਰੇ ਜਾਂਚ : ਯੂਐਨ. ਹਿਊਮਨ ਰਾਈਟਸ ਕੌਂਸਲ

**ਨਵੀਂ ਦਿੱਲੀ 19 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਵੱਲੋਂ ਦਰਜ ਕੀਤੀ ਗਈ ਸ਼ਿਕਾਇਤ ਦੇ ਜਵਾਬ ਵਿੱਚ, ਯੂ.ਐਨ. ਹਿਊਮਨ ਰਾਈਟਸ ਕੌਂਸਲ ਦੇ ਕਈ ਨੁਮਾਇੰਦਿਆਂ ਨੇ ਭਾਰਤ ਉੱਤੇ ਭਾਈ ਹਰਦੀਪ ਸਿੰਘ ਸਮੇਤ ਹੋਰ ਜਲਾਵਤਨੀ ਸਿੱਖ ਆਗੂਆਂ 'ਤੇ ਹਮਲੇ ਕਰਨ ਨਾਲ ਅੰਤਰਰਾਸ਼ਟਰੀ ਕਾਨੂੰਨਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਨ ਦੇ ਦੋਸ਼ ਲਗਾਏ ਹਨ।ਇਨ੍ਹਾਂ ਨੁਮਾਇੰਦਿਆਂ ਨੇ ਦੁਨੀਆਂ ਭਰ ਵਿੱਚ ਵਿਉਂਤਬੱਧ ਤਰੀਕੇ ਨਾਲ ਹੋ ਰਹੇ ਸਿੱਖ

ਆਵਾਜ਼ਿ ਕੌਮ AWAZE QAUM International Newspaper & WEB TV

ਆਗੂਆਂ 'ਤੇ ਹਮਲੇ ਅਤੇ ਪੰਜਾਬ ਵਿੱਚ ਸਿੱਖ ਨੌਜਵਾਨਾਂ ਨੂੰ ਕਾਲੇ ਕਾਨੂੰਨਾਂ ਦਾ ਨਿਸ਼ਾਨਾ ਬਨਾਉਣ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਯੂ.ਐਨ. ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇਹ ਦਮਨਕਾਰੀ ਹੱਥਕੰਡੇ ਪੰਜਾਬ ਵਿੱਚ "ਤੇਜ਼ੀ ਨਾਲ ਵਧ ਰਹੀ ਤਣਾਅਪੂਰਨ ਸਤਿਥੀ" ਨੂੰ ਜਨਮ ਦੇ ਰਹੇ ਹਨ। ਇਸ ਦੇ ਪ੍ਰਤੀਕਰਮ ਵਜੋਂ, ਸਿੱਖ ਫੈਡਰੇਸ਼ਨ ਦੇ ਆਗੂਆਂ ਨੇ ਕਿਹਾ ਕਿ ਦੁਨੀਆਂ ਭਰ ਦੀਆਂ ਤਾਕਤਾਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਇਨ੍ਹਾਂ ਹਲਾਤਾਂ ਵਿੱਚ ਸਾਰਥਕ ਭੂਮਿਕਾ ਨਿਭਾਉਂਦੇ ਹੋਏ ਸਿੱਖਾਂ ਦੀ ਸ਼ਮੂਲੀਅਤ ਨਾਲ ਸਵੈ-ਨਿਰਣੇ ਦੇ ਹੱਕ ਨੂੰ ਯਕੀਨੀ ਬਣਾ ਕੇ ਖਾਲਸਾ ਰਾਜ ਦੀ ਸਥਾਪਤੀ ਲਈ ਕੂਟਨੀਤਕ ਹੱਲ ਲੱਭਿਆ ਜਾਵੇ। ਜਿਕਰਯੋਗ ਹੈ ਕਿ ਸਿੱਖ ਫੈਡਰੇਸ਼ਨ ਵੱਲੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਪਰਿਵਾਰ ਦੀ ਤਰਫੋਂ ਦਾਇਰ ਕੀਤੀ ਗਈ ਇਕ ਸ਼ਿਕਾਇਤ ਦੇ ਜਵਾਬ ਵਿੱਚ, ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਕੌਂਸਲ ਦੁਆਰਾ ਨਿਯੁਕਤ ਕੀਤੇ ਗਏ ਕਈ ਵਿਸ਼ੇਸ਼ ਰਿਪੋਰਟਰਾਂ ਨੇ ਭਾਰਤ ਸਰਕਾਰ ਨਾਲ ਆਪਣਾ ਸੰਚਾਰ ਜਨਤਕ ਤੌਰ 'ਤੇ ਜਾਰੀ ਕੀਤਾ।




ਜਾਰੀ ਕੀਤਾ ਗਿਆ 16 ਪੰਨਿਆਂ ਦਾ ਇਹ ਦਸਤਾਵੇਜ਼ ਭਾਈ ਹਰਦੀਪ ਸਿੰਘ ਅਤੇ ਹੋਰ ਜਲਾਵਤਨ ਸਿੱਖ ਕਾਰਕੁੰਨਾਂ 'ਤੇ ਹਮਲਿਆਂ ਦੇ ਨਤੀਜੇ ਵਜੋਂ ਭਾਰਤ ਵੱਲੋਂ ਅੰਤਰਰਾਸ਼ਟਰੀ ਕਾਨੂੰਨਾਂ ਅਤੇ ਮਨੁੱਖੀ ਅਧਿਕਾਰਾਂ ਦੇ ਇਕਰਾਰਨਾਮਿਆਂ ਦੀਆਂ ਕਈ ਉਲੰਘਣਾਵਾਂ ਦੇ ਨਾਲ-ਨਾਲ ਪੰਜਾਬ ਵਿੱਚ ਕਾਰਕੁਨਾਂ ਨੂੰ ਦਬਾਉਣ ਲਈ ਭਾਰਤੀ ਕਾਨੂੰਨ ਦੀ ਯੋਜਨਾਬੱਧ ਵਰਤੋਂ ਦਾ ਵਿਸਤ੍ਰਿਤ ਵਿਸ਼ਲੇਸ਼ਣ ਪ੍ਰਦਾਨ ਕਰਦਾ ਹੈ ਅਤੇ ਅਜ਼ਾਦ ਖਾਲਿਸਤਾਨ ਦੀ ਵਕਾਲਤ ਕਰ ਰਿਹਾ ਹੈ।ਭਾਰਤ ਦੀਆਂ ਚੱਲ ਰਹੀਆਂ ਕਾਰਵਾਈਆਂ ਦੱਖਣੀ ਏਸ਼ੀਆ ਵਿੱਚ ਕਮਜ਼ੋਰ ਸਥਿਰਤਾ ਅਤੇ ਕੂਟਨੀਤੀ ਅਤੇ ਅੰਤਰਰਾਸ਼ਟਰੀ ਸਬੰਧਾਂ ਦੇ ਸਭ ਤੋਂ ਬੁਨਿਆਦੀ ਸਿਧਾਂਤਾਂ ਲਈ ਇੱਕ ਸਪੱਸ਼ਟ ਚੁਣੌਤੀ ਹਨ।ਇਸ ਤਰੀਕੇ ਨਾਲ ਸਿੱਖਾਂ ਨੂੰ ਲਗਾਤਾਰ ਨਿਸ਼ਾਨਾ ਬਣਾਉਣਾ ਪੰਜਾਬ ਵਿੱਚ ਟਕਰਾਅ ਅਤੇ ਅਸਥਿਰਤਾ ਨੂੰ ਤੇਜ਼ ਕਰਨ ਦੀ ਵਿਸਫੋਟਕ ਸੰਭਾਵਨਾ ਰੱਖਦਾ ਹੈ ਜਿਸਦਾ ਵਿਆਪਕ ਖਿੱਤੇ ਲਈ ਖਤਰਨਾਕ ਪ੍ਰਭਾਵ ਹੈ। ਇਹਨਾਂ ਹਾਲਤਾਂ ਵਿੱਚ, ਖੇਤਰੀ ਅਤੇ ਗਲੋਬਲ ਹਿੱਸੇਦਾਰਾਂ ਨੂੰ ਅੰਤਰੀਵ ਤਣਾਅ ਦੇ ਇੱਕ ਵਿਆਪਕ ਹੱਲ ਨੂੰ ਯਕੀਨੀ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਕਿਉਂਕਿ ਸਿੱਖ ਇਸ ਵਿਵਾਦ ਵਿਚ ਸਿੱਧੇ ਤੌਰ 'ਤੇ ਪ੍ਰਭਾਵਿਤ ਧਿਰ ਹਨ, ਇਸ ਲਈ ਭਾਰਤ ਦੇ ਹਿੰਸਕ ਅਪਰਾਧਾਂ ਨੂੰ ਸਿਰਫ਼ ਅਮਰੀਕਾ, ਕੈਨੇਡਾ ਅਤੇ ਭਾਰਤ ਵਿਚਾਲੇ ਹੀ ਹੱਲ ਨਹੀਂ ਕੀਤਾ ਜਾ ਸਕਦਾ। ਇਹ ਲਾਜ਼ਮੀ ਹੈ ਕਿ ਸਿੱਖ ਨੁਮਾਇੰਦੇ ਮੌਜੂਦਾ ਮੁੱਦਿਆਂ ਬਾਰੇ ਕੂਟਨੀਤਕ ਚਰਚਾਵਾਂ ਵਿੱਚ ਹਿੱਸਾ ਲੈਣ।

### ਸਿੱਖਾਂ ਨੂੰ ਲਗਾਤਾਰ ਨਿਸ਼ਾਨਾ ਬਣਾਉਣਾ ਪੰਜਾਬ ਵਿੱਚ ਟਕਰਾਅ ਅਤੇ ਅਸਥਿਰਤਾ ਨੂੰ ਤੇਜ਼ ਕਰਨ ਦੀ ਵਿਸਫੋਟਕ ਸੰਭਾਵਨਾ

## ਪਿੰਡ ਖੁੱਡੀ ਖੁਰਦ ਵਿਖੇ ਸਰਬੱਤ ਦਾ ਭਲਾ ਸੰਸਥਾ ਨੇ

# ਮੁਫ਼ਤ ਸਿਲਾਈ ਸੈਂਟਰ ਖੋਲ੍ਹਿਆ, ਸਿੱਧੂ ਨੇ ਕੀਤਾ ਉਦਘਾਟਨ

**ਬਰਨਾਲਾ, (ਰਣਜੀਤ ਸਿੰਘ ਪੇਧਨੀ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਵੱਲੋ ਚੇਅਰਮੈਨ ਡਾਕਟਰ ਐਸ ਪੀ ਸਿੰਘ ਉਬਰਾਏ ਦੇ ਦਿਸ਼ਾ ਨਿਰਦੇਸ਼ਾ ਹੇਠ ਮੁਫ਼ਤ ਸਿਲਾਈ ਸੈਂਟਰ ਦਾ ਉਦਘਾਟਨ ਸੰਸਥਾ ਦੇ ਜਿਲ੍ਹਾ ਪ੍ਰਧਾਨ ਇੰਜ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਜਿੰਦਰ ਸਿੰਘ ਸਿੱਧੂ ਨੇ ਕੀਤਾ ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆਂ ਖੁੱਡੀ ਖ਼ੁਰਦ ਦੇ ਸਰਪੰਚ ਦਵਿੰਦਰ ਸਿੰਘ ਨੇ ਇਕ ਪ੍ਰੈਸ ਨੋਟ ਜਾਰੀ ਕਰਕੇ ਦੱਸਿਆ ਇੰਜ ਸਿੱਧੂ ਨੇ ਸੰਸਥਾ ਵੱਲੋਂ 10 ਮਸ਼ੀਨਾਂ ਅਤੇ ਹੋਰ ਲੋੜੀਂਦਾ ਸਮਾਨ ਸੈਂਟਰ ਨੂੰ ਦਿੱਤਾ ਅਤੇ ਉਹਨਾਂ ਕਿਹਾ ਕਿ ਇਸ ਸੈਂਟਰ ਵਿੱਚ 30 ਦੇ ਕਰੀਬ ਲੜਕੀਆਂ ਨੂੰ 6 ਮਹੀਨੇ ਮੁਫ਼ਤ ਸਿਲਾਈ ਸਿੱਖਿਆ ਦਿੱਤੀ ਜਾਵੇਗੀ ਅਤੇ 6 ਮਹੀਨੇ ਦੀ ਟ੍ਰੇਨਿੰਗ ਉਪਰੰਤ ISO ਤੋ ਮਾਨਤਾ ਪ੍ਰਾਪਤ ਸਰਟੀਫਿਕੇਟ ਪ੍ਰੀਖਿਆ ਲੈਣ ਉਪਰੰਤ ਪਾਸ ਲੜਕੀਆਂ ਨੂੰ ਜਾਰੀ ਕੀਤਾ ਜਾਵੇਗਾ ਜਿਸ ਨੂੰ



ਹਾਸਲ ਕਰਨ ਉਪਰੰਤ ਲੜਕੀਆਂ ਆਪਣਾ ਕੰਮ ਆਪ ਸੁਰੂ ਕਰ ਸਕਦੀਆਂ ਹਨ ਘਟੋ ਘੱਟ ਇਸ ਮਹਿੰਗਾਈ ਦੇ ਯੁੱਗ ਵਿੱਚ ਆਪਣੇ ਖੁੱਦ ਦੇ ਅਤੇ ਪਰਿਵਾਰ ਦੇ ਕਪੜੇ ਸਿਉਣ ਯੋਗ ਹੋ ਜਾਣਗੀਆਂ ਸੰਸਥਾ ਵੱਲੋਂ ਮੈਡਮ ਹਰਜਿੰਦਰ ਕੌਰ ਨੂੰ ਸੈਂਟਰ ਦਾ ਸਿਖਲਾਈ ਟੀਚਰ ਨਿਯੁਕਤ ਕੀਤਾ ਗਿਆ ਅਤੇ ਸਿੱਧੂ ਨੇ ਬੱਚਿਆ ਨੂੰ ਪੂਰਾ ਪੂਰਾ ਸਮਾਂ ਦੇਣ ਦੀ ਅਪੀਲ ਕੀਤੀ ਤਾਕਿ ਉਹ ਵਧੀਆ ਸਿੱਖ ਸਕਣ ਅੰਤ ਵਿੱਚ ਸਰਪੰਚ ਦਵਿੰਦਰ ਸਿੰਘ ਨੇ ਪਿੰਡ ਵੱਲੋ ਪੂਰੇ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਸੰਸਥਾ ਦਾ ਧੰਨਵਾਦ ਕੀਤਾ ਇਸ ਮੌਕੇ ਗੁਰਦੇਵ ਸਿੰਘ ਮੱਕੜ ਹੌਲਦਾਰ ਬਸੰਤ ਸਿੰਘ ਕੁਲਵਿੰਦਰ ਸਿੰਘ ਕਾਲਾ ਅਤੇ ਗੁਰਜੰਟ ਸਿੰਘ ਆਦਿ ਸੰਸਥਾ ਦੇ ਮੈਬਰ ਅਤੇ ਬੱਚੇ ਹਾਜਰ ਸਨ।

# ਆਪ ਦੀ ਸੂਬਾ ਸਰਕਾਰ ਬੂਰੀ ਤਰਾਂ ਫੇਲ ਸਾਬਤ ਹੋ ਚੁੱਕੀ ਹੈ: ਗੁਰਮੀਤ ਸਿੰਘ ਬਰੜਵਾਲ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਅੰਦਰ ਵੱਡੇ ਬਦਲਾਅ ਦੇ ਨਾਂ ਹੇਠ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਅੰਦਰ ਜਿੱਥੇ ਨਿਤ ਦਿਨ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਵਿੱਚ ਵਾਧਾ ਹੋ ਰਿਹਾ ਹੈ, ਉੱਥੇ ਨਸ਼ੇ ਵੀ ਭਗਵੰਤ ਮਾਨ ਸਰਕਾਰ ਦੇ ਰਾਜ ਦੌਰਾਨ ਘਰ ਘਰ ਪਹੁੰਚ ਚੁੱਕੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਹਨਾਂ ਕਿਹਾ ਕਿ ਸੂਬੇ ਅੰਦਰ ਨਿਤ ਦਿਨ ਹੋ ਰਹੇ ਕਾਤਲ ਜਿੱਥੇ ਪੰਜਾਬੀਆਂ ਲਈ ਚਿੰਤਾ ਦਾ ਵਿਸ਼ਾ ਹਨ। ਉਥੇ ਘਰ ਘਰ ਪੁੱਜੇ ਨਸ਼ੇ ਵੀ ਪੰਜਾਬ ਦੀ ਨੌਜਵਾਨੀ ਨੂੰ ਘੁਣ ਵਾਂਗ ਖਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਤੋਂ ਵਿਸ਼ਵਾਸ ਉੱਠ ਚੁੱਕਾ। ਮੁੱਖ ਮੰਤਰੀ ਦੇ ਆਪਣੇ ਸ਼ਹਿਰ ਧੂਰੀ ਵਿਖੇ ਲੋਕ ਚੋਰੀਆ ਡਕੈਤੀਆਂ ਕਰਕੇ ਸਹਿਮੇ ਹੋਏ ਹਨ ਕਿਉਂਕਿ ਕਿਸੇ ਵੀ ਵਿਅਕਤੀ ਦੀ ਸਰਕਾਰੇ ਦੁਬਾਰੇ ਕੋਈ ਸੁਣਵਾਈ ਨਹੀਂ ਹੋ ਰਹੀ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਨਿਤ ਦਿਨ ਹੋ 'ਰਹੀਆਂ ਲੁੱਟਾਂ ਖੋਹਾਂ ਕਾਤਲਾਂ ਤੋਂ ਡਰੇ ਹੋਏ ਸਹਿਮ ਵਿੱਚ ਜਿੰਦਗੀ ਬਤੀਤ ਕਰਨ ਲਈ ਮਜਬੂਰ ਹਨ ਤੇ ਇੱਕ ਹਫਤੇ ਵਿੱਚ ਨਸ਼ਿਆਂ ਦਾ ਖਾਤਮਾ ਕਰਨ ਦੀਆਂ ਗੱਲਾਂ ਕਰਨ ਵਾਲੀ ਭਗਵੰਤ ਮਾਨ ਸਰਕਾਰ ਸੂਬੇ ਅੰਦਰ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



# ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਸਾਂਝੇ ਯਤਨਾਂ ਦੀ ਲੋੜ ਹੈ : ਅਮਰਦੀਪ ਸਿੰਘ ਧਾਂਦਰਾ



**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਬਹੁਤ ਸਾਰੇ ਉਪਰਾਲੇ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਹਰ ਰੋਜ਼ ਪੰਜਾਬ ਦੀ ਬਿਹਤਰੀ ਲਈ ਕੰਮ ਕਰ ਰਹੇ ਹਨ। ਇਹਨਾਂ ਕੰਮਾਂ ਵਿੱਚ ਜੇਕਰ ਪੰਜਾਬ ਦੇ ਹਰ ਵਿਅਕਤੀ ਦਾ ਯੋਗਦਾਨ ਪੈ ਜਾਵੇ ਤਾਂ ਪੰਜਾਬ ਹੋਰ ਵੀ ਬਿਹਤਰ ਹੋਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਸਪੋਰਟਸ ਵਿੰਗ ਦੇ ਜਰਨਲ ਸਕੱਤਰ ਅਮਰਦੀਪ ਸਿੰਘ ਧਾਂਦਰਾ ਨੇ ਕੀਤਾ। ਜ਼ਿਕਰਯੋਗ ਹੈ ਕਿ ਅੱਜ ਉਹ ਪੰਚਾਇਤ ਦੇ ਸੱਦੇ ਤੇ ਪਿੰਡ ਰਣੀਕ ਵਿਖੇ ਵਿਕਾਸ ਕਾਰਜਾ ਦਾ ਉਦਘਾਟਨ ਕਰਨ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ । ਉਹਨਾਂ ਦੱਸਿਆ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ, ਧਾਰਮਿਕ ਤੇ ਸਮਾਜਿਕ ਜੱਥੇਬੰਦੀਆਂ ਜੇਕਰ ਮਿਲਕੇ ਸਾਂਝੇ ਤੌਰ ਤੇ ਯਤਨ ਕਰਨ ਤਾਂ ਪੰਜਾਬ ਵਿੱਚੋਂ ਨਸ਼ਾ, ਲੁੱਟ ਖੋਹ, ਬੇਰੁਜ਼ਗਾਰੀ, ਤੇ ਹੋਰ ਸਮੱਸਿਆਵਾਂ ਦਾ ਹੱਲ ਹੋ ਸਕਦਾ ਹੈ। ਪੰਜਾਬ ਦੇ ਪੜੇ ਲਿਖੇ, ਚੰਗੇ ਲੋਕ, ਨੌਜਵਾਨ ਤੇ ਸਾਰੇ ਵਰਗ ਅਪਣਾ ਅਪਣਾ ਯੋਗਦਾਨ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿਚ ਪਾਉਣ ਤਾਂ ਜ਼ੋ ਪੰਜਾਬ ਪਹਿਲਾਂ ਦੀ ਤਰ੍ਹਾਂ ਹਰ ਖੇਤਰ ਵਿਚ ਪਹਿਲੇ ਨੰਬਰ ਤੇ ਹੋਵੇ। ਇਸ ਮੌਕੇ ਸਰਪੰਚ ਅਮਨਦੀਪ ਸਿੰਘ ਰਣੀਕੇ , ਉੱਘੇ ਸਮਾਜ ਸੇਵੀ ਨਿਰਭੈ ਸਿੰਘ ਕੈਨੇਡਾ, ਆਪ ਆਗੂ ਗੁਗਨੀ ਧੰਦੀਵਾਲ ਤੋਂ ਇਲਾਵਾ ਸਮੂਹ ਗਰਾਮ ਪੰਚਾਇਤ ਅਤੇ ਨਗਰ ਨਿਵਾਸੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੇਹੱਦ ਖਤਰਨਾਕ ਚਾਈਨਾ ਡੋਰ 'ਤੇ ਤੁਰੰਤ ਮੁਕੰਮਲ ਪਾਬੰਦੀ ਲਗਾਈ ਜਾਵੇ : ਸਰਪੰਚ ਜੱਗਾ ਭੋਜੋਵਾਲੀ, ਅਮਰੀਕ ਸਿੰਘ ਸੋਹੀ

**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਚਾਇਤ ਯੂਨੀਅਨ ਦੇ ਬਲਾਕ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਅਤੇ ਸ, ਅਮਰੀਕ ਸਿੰਘ ਸੋਹੀ ਭੋਜੋਵਾਲੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਬਸੰਤ ਤਿਉਹਾਰ ਨੇੜੇ ਆਉਣ ਕਾਰਨ ਇਸਤੇਮਾਲ ਕੀਤੀ ਜਾ ਰਹੀ ਚਾਇਨਾ ਡੋਰ ਉੱਤੇ ਸਖਤ ਪਾਬੰਦੀ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਤਿਉਹਾਰ ਖਤਰਨਾਕ ਚਾਈਨਾ ਡੋਰ ਦੀ ਵਰਤੋਂ ਕਾਰਨ ਖੂਬਸੂਰਤੀ ਦੇ ਨਾਲ ਇਕ ਵੱਡੇ ਖਤਰੇ ਦੀ ਸ਼ਕਲ ਧਾਰ ਚੁੱਕਾ ਹੈ ਚਾਈਨਾ ਡੋਰ ਦੀ ਵਰਤੋਂ ਮਨੁੱਖਾਂ ਤੇ ਜੀਵ- ਜੰਤੂਆਂ ਲਈ ਦਿਨੋਂ ਦਿਨ ਖਤਰਾ ਬਣਦੀ ਜਾ ਰਹੀ ਹੈ। ਨੀਲ ਗਰਗ ਨੇ ਕਿਹਾ ਕਿ ਚਾਈਨਾ ਡੋਰ ਨਾਲ ਲਗਾਤਾਰ ਮਨੁੱਖ ਅਤੇ ਪੰਛੀ ਗੰਭੀਰ ਜਖਮੀ ਹੋ ਰਹੇ ਹਨ ਕਈ ਮੌਤਾਂ ਦੀਆਂ ਖ਼ਬਰਾਂ ਵੀ ਸਾਹਮਣੇ ਆ ਚੁੱਕੀਆਂ ਹਨ ਬੱਚੇ ਖੇਡਣ ਦੌਰਾਨ ਇਸ ਡੋਰ ਦੀ ਵਰਤੋਂ ਕਰਦੇ ਹੋਏ ਆਪਣੇ ਹੱਥਾਂ ਨੂੰ ਚੀਰਾ ਲਗਾ ਰਹੇ ਹਨ ਪੰਛੀਆਂ ਦੇ ਪੰਭ ਕੱਟਣ ਅਤੇ ਉਹਨਾਂ ਦੀ ਮੌਤ ਦੇ ਕਈ ਮਾਮਲੇ ਸਾਹਮਣੇ ਆ ਰਹੇ ਹਨ ਇਹ ਸਾਡੇ ਵਾਤਾਵਰਣ ਅਤੇ ਪਰਿਵਾਰ ਲਈ ਵੀ ਇੱਕ ਵੱਡਾ ਸੰਕਟ ਹੈ। ਨੀਲ ਗਰਗ ਨੇ ਇਸ ਗੰਭੀਰ ਮੁੱਦੇ_ ਤੇ ਆਪਣਾ ਵਿਰੋਧ ਪ੍ਰਗਟ ਕਰਦੇ ਹੋਏ ਕਿਹਾ, ਚਾਈਨਾ ਡੋਰ ਸਿਰਫ ਇਕ ਖਿਡੌਣਾ ਨਹੀਂ, ਬਲਕਿ ਇਹ ਜਾਨਲੇਵਾ ਸਾਜ਼ੋਸਾਮਾਨ ਬਣ ਚੁੱਕਾ ਹੈ ਅਸੀਂ ਅਪੀਲ ਕਰਦੇ ਹਾਂ ਕਿ ਇਸ ਖਤਰਨਾਕ ਚਾਈਨਾ ਡੋਰ ਦੀ ਵਿਕਰੀ ਤੇ ਬਣਾਏ ਜਾਣ ਛੇਤੇ ਤਰੰਤ ਪਾਬੰਦੀ ਲਗਾਈ ਜਾਵੇ। ਨੀਲ ਗਰਗ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਉਹ ਖੁਦ ਵੀ ਚਾਈਨਾ ਡਰ ਦੀ ਵਰਤੋਂ ਤੋਂ ਬਚਣ ਅਤੇ ਆਪਣੇ ਬੱਚਿਆਂ ਨੂੰ ਇਸਦੀ ਵਰਤੋਂ ਤੋਂ ਰੋਕਣ ਵਿੱਚ ਆਪਣਾ ਯੋਗਦਾਨ ਪਾਉਣ ਸਾਝੋਂ ਯਤਨਾਂ ਨਾਲ ਹੀ ਬਸੰਤ ਤਿਉਹਾਰ ਨੂੰ ਸੁਰੱਖਿਅਤ ਬਣਾਇਆ ਜਾ ਸਕਦਾ ਹੈ।





ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਤੇ ਮਾਘੀ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਵਿਖੇ

# ਕਰਵਾਏ ਸਮਾਗਮ 'ਚ ਸੈਂਕੜੇ ਸੰਗਤਾਂ ਨੇ ਹਾਜ਼ਰੀ ਲਵਾਈ : ਸੰਤ ਸੁਖਵਿੰਦਰ ਸਿੰਘ





**ਜੰਡਿਆਲਾ ਗੁਰੂ 19 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਲੁਧਿਆਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਮਹਿਨਾ ਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ, ਅਖੰਡ ਪਾਠਾਂ ਦੇ ਲੜੀਵਾਰ ਭੋਗ ਪਾਏ ਗਏ , ਧਾਰਮਿਕ ਦੀਵਾਨ ਸਜਾਏ ਗਏ, ਧਾਰਮਿਕ ਬੁਲਾਰਿਆਂ ਤੇ ਹੋਰਾਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਜੀ ਨੰਗਲ ਬੇਟ ਫਿਲੌਰ ਲੁਧਿਆਣਾ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਆਲੋਵਾਲ ਤੇ ਸਰਪ੍ਰਸਤ ਸੰਤ ਬਾਬਾ ਜਰਨੈਲ ਸਿੰਘ ਜੀ ਵੱਲੋਂ ਹਰ ਦੇਸੀ ਮਹੀਨੇ ਦੇ ਜੇਠੇ ਐਤਵਾਰ ਨੂੰ ਸ਼ਰਧਾਲੂਆਂ ਵੱਲੋਂ ਰਖਵਾਏ ਜਾਂਦੇ ਲੜੀਵਾਰ ਅਖੰਡ ਪਾਠਾਂ ਦੇ ਭੋਗ ਪਾਉਣ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਕੇ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰਬਾਣੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਸਬੰਧੀ ਚਲਾਈ ਧਾਰਮਿਕ ਲਹਿਰ ਤਹਿਤ ਇਸ ਮਹੀਨੇ ਦੇ ਗੁਰਮਤਿ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 12,ਸੰਪਟ 2.ਸਮੇਤ ਜਪੁਜੀ ਸਾਹਿਬ ਟੋਟਲ 13 ਲੜੀਵਾਰ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਕਥਾ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਕਰਨ ਤੋਂ ਗੁਰਮਤਿ ਸਮਾਗਮ ਦੀ ਅਰੰਭਤਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਹਰਜੀਤ ਸਿੰਘ ਤੇ ਭਾਈ ਰਿੰਕੂ ਤੇ ਸ਼ਬਦ ਗੁਰਬਾਣੀ ਕੀਰਤਨ ਤੋਂ ਉਪਰੰਤ ਹੋਈ ਜਿਸ ਵਿੱਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਤੋ ਇਲਾਵਾ ਧਾਰਮਿਕ ਖੇਤਰ'ਚ ਵਿਚ ਸਰਗਰਮ ਸੰਤਾਂ ਮਹਾਪੁਰਸ਼ਾਂ ਨੇ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰਬਾਣੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਜੰਗੀ ਪੱਧਰ ਤੇ ਉਪਰਾਲੇ ਕੀਤੇ, ਇਸ ਮੌਕੇ ਤੇ ਬੋਲਦਿਆਂ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਕਥਾ ਵਿਚਾਰ ਕਰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਪ੍ਰਵਾਰਾਂ ਦੀ ਸੁੱਖ ਸ਼ਾਂਤੀ ਲਈ ਅੰਮ੍ਰਿਤ ਵੇਲੇ ਦੇ ਨਿੱਤ ਨੇਮ ਨਾਲ ਜੁੜਨ ਦੀ ਲੋੜ ਤੇ ਜ਼ੋਰ ਦੇਣ, ਉਹਨਾਂ ਕਿਹਾ ਅੱਜ ਦੇ ਭਿਆਨਕ ਸਮੇਂ ਵਿੱਚ ਜਿੰਨਾ ਘਰ ਪ੍ਰਵਾਰਾਂ ਵਿਚ ਰੱਬੀ ਬਾਣੀ ਦੇ ਜਾਪ ਹੁੰਦੇ ਨਾਮ ਸਿਮਰਨ ਦੀ ਕਮਾਈ ਕੀਤੀ ਜਾਂਦੀ ਹੈ ਉਹਨਾਂ ਪਰਵਾਰਾਂ ਨੂੰ ਇਥੇ ਵੀ ਸੁੱਖ ਪ੍ਰਾਪਤ ਹੋਣਗੇ ਅਤੇ ਦਰਗਾਹ ਵਿੱਚ ਮਾਣ ਸਨਮਾਨ ਮਿਲੇ ਗਾ, ਇਸ ਮੌਕੇ ਤੇ ਗੁਰਦੁਆਰਾ ਸਾਹਿਬ ਸਰਪ੍ਰਸਤ ਸੰਤ ਬਾਬਾ ਜਰਨੈਲ ਸਿੰਘ ਜੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿਸਾਨੀ ਮਸਲਿਆਂ ਦੇ ਹੱਲ ਲਈ ਦੇਸ਼ ਦੇ ਸਮੂਹ ਵਾਸੀਆਂ ਨੂੰ ਕਿਸਾਨਾਂ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਕਿ ਕੇਂਦਰ ਤੇ ਦਬਾਅ ਪਾ ਕੇ ਸਾਰੇ ਕਿਸਾਨੀ ਮਸਲਿਆਂ ਨੂੰ ਹੱਲ ਕਰਵਾਇਆ ਜਾ ਸਕੇ, ਇਸ ਮੌਕੇ ਤੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ,ਸੰਤ ਬਾਬਾ ਜਰਨੈਲ ਸਿੰਘ ਜੀ, ਡਾਕਟਰ ਅਮਰਜੋਤ ਸਿੰਘ ਸੰਧੂ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਵੱਲੋਂ ਸਾਂਝੇ ਤੌਰ ਅਖੰਡ ਪਾਠ ਸ਼ਰਧਾਲੂਆਂ ਧਾਰਮਿਕ ਬੁਲਾਰਿਆਂ ਤੇ ਹੋਰ ਸੰਤਾਂ ਮਹਾਪੁਰਸ਼ਾਂ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਮੌਕੇ ਤੇ ਭਾਈ ਗੁਰਮੇਲ ਸਿੰਘ, ਬਾਬਾ ਦਾਰਾ ਸਿੰਘ, ਭਾਈ ਕਰਮ ਸਿੰਘ ਜਲੰਧਰ ਤੇ ਇਲਾਵਾ ਸੈਂਕੜੇ ਸੰਗਤਾਂ ਨੇ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰੀਆਂ ਤੇ ਆਪਣੇ ਮਨੁੱਖੀ ਜੀਵਨ ਨੂੰ ਸਫ਼ਲ ਬਣਾਇਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

ਪੰਜਾਬੀ ਜ਼ੁਬਾਨ ਦੇ ਚਰਚਿੱਤ ਮੈਗਜ਼ੀਨ

# 'ਹੁਣ' ਦਾ 50ਵਾਂ ਅੰਕ ਲੋਕ ਅਰਪਿਤ



**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰਸਿੱਧ ਸ਼ਾਇਰ ਸੁਸ਼ੀਲ ਦੁਸਾਂਝ ਅਤੇ ਕਮਲ ਦੁਸਾਂਝ ਦੀ ਜੋੜੀ ਅਤੇ ਰਵਿੰਦਰ ਸਹਿਰਾਅ ਦੀ ਸੰਪਾਦਨਾ ਹੇਠ ਪ੍ਰਕਾਸ਼ਿਤ ਪੰਜਾਬੀ ਜ਼ੁਬਾਨ ਦੇ ਚਰਚਿੱਤ ਮੈਗਜ਼ੀਨ "ਹੁਣ" ਦਾ 50ਵਾਂ ਅੰਕ ਲੋਕ ਅਰਪਿਤ ਕੀਤਾ ਗਿਆ।ਪੰਜਾਬੀ ਸਾਹਿਤ ਅਤੇ ਸਭਿਆਚਾਰ ਦੇ ਪ੍ਰਤੀਨਿਧ ਇਸ ਮੈਗਜ਼ੀਨ ਹੁਣ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਹੋਰਾਂ ਨੇ ਸਾਂਝੇ ਤੌਰ 'ਤੇ ਲੋਕ ਅਰਪਿਤ ਕਰਨ ਦੀ ਰਸਮ ਨਿਭਾਈ ।ਇਸ ਮੌਕੇ ਬੁਲਾਰਿਆਂ ਨੇ "ਹੁਣ" ਦਾ 50ਵੇਂ ਅੰਕ ਦੀ ਆਮਦ ਦੀ ਵਧਾਈ ਦਿੰਦਿਆਂ ਕਿਹਾ ਕਿ ਅੱਜ ਲੋੜ ਹੈ ਨੌਜਵਾਨਾਂ ਨੂੰ ਚੰਗੇ ਉਸਾਰੂ ਸਾਹਿਤ ਨਾਲ ਜੋੜਿਆ ਜਾਵੇ ਅਤੇ "ਹੁਣ" ਵਰਗੇ ਮੈਗਜੀਨ ਇਸ ਕਾਰਜ ਲਈ ਵੱਡੀ ਭੂਮਿਕਾ ਨਿਭਾ ਰਹੇ ਹਨ ।ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਹਰਪ੍ਰੀਤ ਸਿੰਘ ਹੁੰਦਲ, ਪ੍ਰਦੀਪ ਸਿੰਘ ਬਾਬਾ ਬਕਾਲਾ ਸਾਹਿਬ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਕਾਰਜਕਾਰੀ ਮੈਂਬਰ ਮੱਖਣ ਕੁਹਾੜ, ਗੁਰਮੀਤ ਸਿੰਘ ਬਾਜਵਾ, ਡਾ: ਲੇਖ ਰਾਜ, ਮੰਗਤ ਚੈਂਚਲ, ਸੰਧੂ ਵਰਿਆਣਵੀਂ, ਰਾਜਿੰਦਰ ਬਿਮਲ (ਗੁਸਤਾਖੀਆਂ), ਕਹਾਣੀਕਾਰ ਵਿਸ਼ਾਲ, ਸ਼ਾਇਰ ਤਰਲੋਚਨ ਲੋਚੀ, ਵਿਸ਼ਾਲ, ਬਖਤੌਰ ਧਾਲੀਵਾਲ ਅਤੇ ਹੋਰ ਸਖਸ਼ੀਅਤਾਂ ਹਾਜ਼ਰ ਸਨ ।

# ਸਰਕਾਰੀ ਸਕੂਲ ਮਹਿਤਾ ਨੰਗਲ ਦੀ ਕੰਪਿਊਟਰ ਲੈਬ 'ਚ ਚੋਰੀ






**ਚੌਕ ਮਹਿਤਾ, 19 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਦੀ ਕੰਪਿਊਟਰ ਲੈਬ ਵਿੱਚੋਂ ਚੋਰਾਂ ਨੇ ਕੀਮਤੀ ਸਾਮਾਨ ਚੋਰੀ ਕਰ ਲੈਣ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਜਿਸ ਸਬੰਧੀ ਸਕੂਲ ਇੰਚਾਰਜ ਪ੍ਰਿੰਸੀਪਲ ਨਰਿੰਦਰ ਸਿੰਘ ਰਾਏ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੋਜ਼ਾਨਾ ਦੀ ਤਰਾਂ ਅੱਜ ਸਵੇਰੇ ਜਦ ਸਕੂਲ ਸਟਾਫ਼ ਸਕੂਲ ਪਹੁੰਚਿਆ ਤਾਂ ਚੌਂਕੀਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਚੋਰਾਂ ਨੇ ਸਕੂਲ ਦੀ ਸਾਈਡ ਵਾਲੀ ਕੰਧ ਤੋੜਨ ਤੋਂ ਬਾਅਦ ਕੰਪਿਊਟਰ ਲੈਬ ਦਾ ਅਰਲ ਕੱਟ ਕੇ 9 ਮੋਨੀਟਰ, 8 ਬੈਟਰੀਜ਼, 3 ਸੀ.ਪੀ.ਯੂ, 15 ਕੀ ਬੋਰਡ, 14 ਮਾਊਸ, ਇਕ ਯੂ.ਪੀ.ਐੱਸ., 2 ਪ੍ਰਿੰਟਰ ਅਤੇ ਵੱਖ ਵੱਖ ਜਗਾ ਤੇ ਲੱਗੇ 5 ਸੀ.ਸੀ.ਟੀ.ਵੀ. ਕੈਮਰੇ ਚੋਰੀ ਕਰ ਲਏ ਹਨ। ਪ੍ਰਿੰਸੀਪਲ ਨਰਿੰਦਰ ਸਿੰਘ ਰਾਏ ਨੇ ਆਖਿਆ ਕਿ ਇਸ ਚੋਰੀ ਬਾਬਤ ਅਸੀਂ ਥਾਣਾ ਮਹਿਤਾ ਦੀ ਪੁਲਿਸ ਨੂੰ ਸ਼ਿਕਾਇਤ ਦੇ ਦਿੱਤੀ ਹੈ। ਤਫਤੀਸ਼ੀ ਅਫਸਰ ਏਐਸਆਈ ਰਾਜਿੰਦਰ ਸਿੰਘ ਵੱਲੋਂ ਪੂਰੀ ਟੀਮ ਨਾਲ ਜਾ ਕੇ ਮੌਕਾ ਏ ਵਾਰਦਾਤ 'ਤੇ ਪਹੁੰਚ ਕੇ ਪੁਣਛਾਣ ਕੀਤੀ ਅਤੇ ਚੌਕੀਦਾਰ ਸਰਬਜੀਤ ਸਿੰਘ ਪਾਸੋਂ ਵੀ ਬਾਰੀਕੀ ਨਾਲ ਪੁੱਛਗਿੱਛ ਕੀਤੀ। ਓਧਰ ਥਾਣਾ ਮਹਿਤਾ ਦੇ ਐੱਸ.ਐੱਚ.ਓ. ਅਜੈਪਾਲ ਦਾ ਕਹਿਣਾ ਹੈ ਕਿ ਉਹ ਬਰੀਕੀ ਨਾਲ ਇਸ ਮਾਮਲੇ ਦੀ ਜਾਂਚ ਕਰ ਰਹੇ ਹਨ, ਚੋਰਾਂ ਨੂੰ ਜਲਦ ਫੜ ਲਿਆ ਜਾਵੇਗਾ।

# ਕਿਸਾਨ-ਸਰਕਾਰ ਗੱਲਬਾਤ ਦਾ ਸਵਾਗਤ ਅਤੇ ਖੇਤੀਬਾੜੀ ਲਈ ਸੁਧਾਰਾਂ ਦੀ ਸਖ਼ਤ ਲੋੜ: ਵਿਕਰਮ ਸਾਹਨੀ



ਨਵੀਂ ਦਿੱਲੀ 19 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ, ਜੋ ਕਿ ਸਰਕਾਰ ਨੂੰ ਕਿਸਾਨਾਂ ਨਾਲ ਗੱਲਬਾਤ ਸ਼ੁਰੂ ਕਰਨ ਲਈ ਲਗਾਤਾਰ ਬੇਨਤੀ ਕਰ ਰਹੇ ਹਨ, ਨੇ 14 ਫਰਵਰੀ ਨੂੰ ਚੰਡੀਗੜ੍ਹ ਵਿੱਚ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਸਰਕਾਰ ਵੱਲੋਂ ਮਿਲੇ ਸੱਦੇ ਲਈ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਧੰਨਵਾਦ ਕੀਤਾ ਹੈ।ਅਤੇ ਵਿਗੜ ਰਹੀ ਸਿਹਤ ਦੇ ਆਧਾਰ 'ਤੇ ਡਾਕਟਰੀ ਸਹਾਇਤਾ ਲੈਣਾ ਸ਼ਲਾਘਾਯੋਗ ਹੈ। ਡਾ. ਸਾਹਨੀ ਨੇ ਦੁਹਰਾਇਆ ਕਿ ਕਿਸੇ ਵੀ ਮੁੱਦੇ ਨੂੰ ਹੱਲ ਕਰਨ ਦਾ ਇੱਕੋ ਇੱਕ ਤਰੀਕਾ ਗੱਲਬਾਤ ਹੈ ਅਤੇ ਉਮੀਦ ਕੀਤੀ ਕਿ 14 ਫਰਵਰੀ ਦੀ ਮੀਟਿੰਗ ਵਿੱਚ ਘੱਟੋ-ਘੱਟ ਸਮਰਥਨ ਮੁੱਲ, ਸਵਾਮੀਨਾਥਨ ਕਮੇਟੀ ਦੀ ਰਿਪੋਰਟ, ਮੋਟੇ ਅਨਾਜਾਂ 'ਤੇ ਘੱਟੋ-ਘੱਟ ਸਮਰਥਨ ਮੁੱਲ, ਜੋ ਕਿ ਫਸਲੀ ਚੱਕਰ ਅਤੇ ਖੇਤੀਬਾੜੀ ਨੀਤੀ ਲਈ ਬਹੁਤ ਮਹੱਤਵਪੂਰਨ ਹੈ, 'ਤੇ ਚਰਚਾ ਕੀਤੀ ਜਾਵੇਗੀ। ਮਹੱਤਵਪੂਰਨ ਮੁੱਦੇ ਜਿਵੇਂ ਕਿ ਨਵੇਂ ਖਰੜੇ 'ਤੇ ਸਹਿਮਤੀ ਬਣਾਉਣਾ ਮੁੱਖ ਏਜੰਡਾ ਹੋਵੇਗਾ।

# ਪਿੰਡ ਖੁੱਡੀ ਖੁਰਦ ਵਿਖੇ ਸਰਬੱਤ ਦਾ ਭਲਾ ਸੰਸਥਾ ਨੇ ਖੋਲਿਆ ਮੁ.ਫਤ ਸਿਲਾਈ ਸੈਂਟਰ ਸਿੱਧੂ ਨੇ ਕੀਤਾ ਉਦਘਾਟਨ

**ਬਰਨਾਲਾ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਵੱਲੋ ਚੇਅਰਮੈਨ ਡਾਕਟਰ ਐਸ ਪੀ ਸਿੰਘ ਉਬਰਾਏ ਦੇ ਦਿਸ਼ਾ ਨਿਰਦੇਸ਼ਾ ਹੇਠ ਮੁ.ਫਤ ਸਿਲਾਈ ਸੈਂਟਰ ਦਾ ਉਦਘਾਟਨ ਸੰਸਥਾ ਦੇ ਜਿਲ੍ਹਾ ਪ੍ਰਧਾਨ ਇੰਜ ਗੁਰਜਿੰਦਰ ਸਿੰਘ ਸਿੱਧੂ ਨੇ ਕੀਤਾ ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆਂ ਖੁੱਡੀ ਖ਼ੁਰਦ ਦੇ ਸਰਪੰਚ ਦਵਿੰਦਰ ਸਿੰਘ ਨੇ ਇਕ ਪ੍ਰੈਸ ਨੋਟ ਜਾਰੀ ਕਰਕੇ ਦੱਸਿਆ ਇੰਜ ਸਿੱਧੂ ਨੇ ਸੰਸਥਾ ਵੱਲੋਂ 10 ਮਸ਼ੀਨਾਂ ਅਤੇ ਹੋਰ ਲੋੜੀਂਦਾ ਸਮਾਨ ਸੈਂਟਰ ਨੂੰ ਦਿੱਤਾ ਅਤੇ ਉਹਨਾਂ ਕਿਹਾ ਕਿ ਇਸ ਸੈਂਟਰ ਵਿੱਚ 30 ਦੇ ਕਰੀਬ ਲੜਕੀਆਂ ਨੂੰ 6 ਮਹੀਨੇ ਮੁਫ਼ਤ ਸਿਲਾਈ ਸਿੱਖਿਆ ਦਿੱਤੀ ਜਾਵੇਗੀ ਅਤੇ 6 ਮਹੀਨੇ ਦੀ ਟ੍ਰੇਨਿੰਗ ਉਪਰੰਤ ਮਾਨਤਾ ਪ੍ਰਾਪਤ ਸਰਟੀਫਿਕੇਟ ਪ੍ਰੀਖਿਆ ਲੈਣ ਉਪਰੰਤ ਪਾਸ ਲੜਕੀਆਂ ਨੂੰ ਜਾਰੀ ਕੀਤਾ ਜਾਵੇਗਾ ਜਿਸ ਨੂੰ ਹਾਸਲ ਕਰਨ ਉਪਰੰਤ ਲੜਕੀਆਂ ਆਪਣਾ ਕੰਮ ਆਪ ਸੂਰੂ ਕਰ ਸਕਦੀਆਂ ਹਨ ਘਟੋ ਘੱਟ ਇਸ ਮਹਿੰਗਾਈ ਦੇ ਯੁੱਗ ਵਿੱਚ ਆਪਣੇ ਖੁੱਦ ਦੇ ਅਤੇ ਪਰਿਵਾਰ ਦੇ ਕਪੜੇ ਸਿਉਣ ਯੋਗ ਹੋ ਜਾਣਗੀਆਂ ਸੰਸਥਾ ਵੱਲੋਂ ਮੈਡਮ ਹਰਜਿੰਦਰ ਕੌਰ ਨੂੰ ਸੈਂਟਰ ਦਾ ਸਿਖਲਾਈ ਟੀਚਰ ਨਿਯੁਕਤ ਕੀਤਾ ਗਿਆ ਅਤੇ ਸਿੱਧੂ ਨੇ ਬੱਚਿਆ ਨੂੰ ਪੂਰਾ ਪੂਰਾ ਸਮਾਂ ਦੇਣ ਦੀ ਅਪੀਲ ਕੀਤੀ ਤਾਕਿ ਉਹ ਵਧੀਆ ਸਿੱਖ ਸਕਣ ਅੰਤ ਵਿੱਚ ਸਰਪੰਚ ਦਵਿੰਦਰ ਸਿੰਘ ਨੇ ਪਿੰਡ ਵੱਲੋ ਪੂਰੇ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਸੰਸਥਾ ਦਾ ਧੰਨਵਾਦ ਕੀਤਾ ਇਸ ਮੌਕੇ ਗੁਰਦੇਵ ਸਿੰਘ ਮੱਕੜ ਹੌਲਦਾਰ ਬਸੰਤ ਸਿੰਘ ਕੁਲਵਿੰਦਰ ਸਿੰਘ ਕਾਲਾ ਅਤੇ ਗੁਰਜੰਟ ਸਿੰਘ ਆਦਿ ਸੰਸਥਾ ਦੇ ਮੈਂਬਰ ਅਤੇ ਬੱਚੇ ਹਾਜਰ ਸਨ।

### ਕਿਸਾਨ ਆਗੂ ਸਰਦਾਰ ਜਗਜੀਤ ਸਿੰਘ ਡੱਲੇਵਾਲ ਵਲੋਂ

# ਮੈਡੀਕਲ ਸਹਾਇਤਾ ਪ੍ਰਾਪਤ ਕਰਨ ਲਈ ਸਵਾਗਤ: ਸੰਯੁਕਤ ਕਿਸਾਨ ਮੋਰਚਾ



**ਨਵੀਂ ਦਿੱਲੀ, 19 ਜਨਵਰੀ, (ਮਨਪ੍ਰੀਤ ਸਿੰਘ ਖਾਲਸਾ)**:- ਸੰਯੁਕਤ ਕਿਸਾਨ ਮੋਰਚਾ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਸਰਦਾਰ ਜਗਜੀਤ ਸਿੰਘ ਡੱਲੇਵਾਲ ਨੂੰ ਡਾਕਟਰੀ ਸਹਾਇਤਾ ਪ੍ਰਾਪਤ ਕਰਨ ਦੇ ਫੈਸਲੇ ਦਾ ਸੁਆਗਤ ਕਰਦਾ ਹੈ ਅਤੇ ਉਹਨਾਂ ਦੇ ਜਲਦੀ ਠੀਕ ਹੋਣ ਅਤੇ ਚੰਗੀ ਸਿਹਤ ਦੀ ਕਾਮਨਾ ਕਰਦਾ ਹੈ। ਕਿਸਾਨ ਏਕਤਾ ਅਤੇ ਕਿਸਾਨ ਵਿਰੋਧੀ ਯੂਨੀਅਨ ਸਰਕਾਰ ਦੇ ਖਿਲਾਫ ਪੈਨ ਇੰਡੀਆ ਅੰਦੋਲਨ ਲਈ ਸੰਯੁਕਤ ਕਿਸਾਨ ਮੋਰਚਾ ਨੇਤਾਵਾਂ ਵੱਲੋਂ ਲਗਾਤਾਰ ਕੀਤੇ ਜਾ ਰਹੇ ਯਤਨਾਂ ਨੇ ਸਰਕਾਰ ਨੂੰ ਆਪਣੀ ਵੰਡਵਾਦੀ ਰਣਨੀਤੀ ਤੋਂ ਪਿੱਛੇ ਹਟਣ ਲਈ ਮਜਬੂਰ ਕਰ ਦਿੱਤਾ ਹੈ।

**ਕੇਂਦਰ ਸਰਕਾਰ ਵਲੋਂ ਕਿਸਾਨ ਜਥੇਬੰਦੀਆਂ ਨਾਲ ਵਿਚਾਰ ਵਟਾਂਦਰਾ ਕਰਣ ਲਈ ਮਜਬੂਰ ਹੋਣਾ ਇਕ ਵੱਡੀ ਜਿੱਤ**

ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸਾਰੇ ਕਿਸਾਨਾਂ ਨੂੰ ਜਵਾਬ ਦੇਣ ਅਤੇ ਕੇਂਦਰ ਸਰਕਾਰ ਦੇ ਵਿਰੋਧ ਵਿੱਚ ਉੱਠਣ ਅਤੇ ਇਸ ਨੂੰ ਆਪਣੀਆਂ ਕਿਸਾਨ ਵਿਰੋਧੀ ਨੀਤੀਆਂ ਨੂੰ ਵਾਪਸ ਲੈਣ ਲਈ ਮਜਬੂਰ ਕਰਨ ਦਾ ਸੱਦਾ ਦਿੰਦੀ ਹੈ, ਜੋ ਪਹਿਲਾਂ 3 ਕਾਲੇ ਖੇਤੀ ਕਾਨੂੰਨਾਂ ਰਾਹੀਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ ਅਤੇ ਹੁਣ ਦੁਬਾਰਾ ਕੋਸ਼ਿਸ਼ ਕੀਤੀ ਜਾ ਰਹੀ ਹੈ।

ਸਰਦਾਰ ਡੱਲੇਵਾਲ ਦੀ ਸਿਹਤ ਦੇ ਸਬੰਧ ਵਿੱਚ ਸਕਾਰਾਤਮਕ ਵਿਕਾਸ ਦੇ ਮੱਦੇਨਜ਼ਰ, ਸੰਯੁਕਤ ਕਿਸਾਨ ਮੋਰਚਾ ਨੇ ਸਾਰੀਆਂ ਇਕਾਈਆਂ ਨੂੰ 20 ਜਨਵਰੀ ਨੂੰ ਸੰਸਦ ਦੇ ਦਫਤਰਾਂ ਵਿੱਚ ਕਿਸਾਨ ਧਰਨਾ ਦੇਣ ਦੀ ਬਜਾਏ ਈਮੇਲ ਰਾਹੀਂ ਸੰਸਦ ਮੈਂਬਰਾਂ ਨੂੰ ਮੈਮੋਰੰਡਮ ਭੇਜਣ ਦਾ ਸੱਦਾ ਦਿੱਤਾ ਅਤੇ ਸੰਯੁਕਤ ਕਿਸਾਨ ਮੋਰਚਾ ਨੂੰ ਬਣਾਉਣ ਲਈ ਪੂਰੀ ਊਰਜਾ ਰੀਡਾਇਰੈਕਟ ਕੀਤੀ। ਸੰਯੁਕਤ ਕਿਸਾਨ ਮੋਰਚਾ ਦੀ ਜਨਰਲ ਬਾਡੀ ਦੀ ਮੀਟਿੰਗ 24 ਜਨਵਰੀ, 2025 ਨੂੰ ਦਿੱਲੀ ਵਿਖੇ ਹੋਵੇਗੀ ਜਿਸ ਵਿਚ ਹੋਰ ਅੰਦੋਲਨਕਾਰੀ ਪ੍ਰੋਗਰਾਮਾਂ ਅਤੇ ਕਾਰਜ ਯੋਜਨਾਵਾਂ ਦਾ ਐਲਾਨ ਕੀਤਾ ਜਾਵੇਗਾ।

ਸੰਯੁਕਤ ਕਿਸਾਨ ਮੋਰਚਾ ਨੇ ਇੱਕ ਵਾਰ ਫਿਰ ਕੇਂਦਰ ਸਰਕਾਰ ਨੂੰ ਕਿਸਾਨਾਂ ਦੇ ਹਿੱਤਾਂ, ਦੇਸ਼ ਦੇ ਅੰਨਦਾਤੇ ਦੇ ਵਿਰੁੱਧ ਕੰਮ ਕਰਨ ਤੋਂ ਗੁਰੇਜ਼ ਕਰਨ ਦੀ ਚੇਤਾਵਨੀ ਦੇਂਦਾ ਹੈ ਅਤੇ ਜ਼ੋਰਦਾਰ ਢੰਗ ਨਾਲ ਸਰਕਾਰ ਨੂੰ ਸੂਚਿਤ ਕਰਦਾ ਹੈ ਅਤੇ ਘੋਸ਼ਣਾ ਕਰਦਾ ਹੈ ਕਿ ਇਸ ਦੇਸ਼ ਦੇ ਕਿਸਾਨ ਆਪਣੀਆਂ ਮੰਗਾਂ ਲਈ ਇਕਜੁੱਟ ਹਨ ਜੋ ਕੇਂਦਰ ਸਰਕਾਰ ਦੁਆਰਾ ਪੂਰੀਆਂ ਕੀਤੀਆਂ ਜਾਣੀਆਂ ਹਨ ਅਤੇ ਉਦੋਂ ਤੱਕ ਕੇਂਦਰ ਸਰਕਾਰ ਦੇ ਵਿਰੁੱਧ ਹਰ ਰੂਪ ਵਿੱਚ ਜਮਹੂਰੀ ਅੰਦੋਲਨ ਜਾਰੀ ਰਹੇਗਾ।

### ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਦੇਸ਼ ਭਗਤੀ

# ਦੇਸ਼ ਦੇ ਸਪੂਤ ਚਰਨ ਸਿੰਘ ਕੀਰਤੀ ਚੱਕਰ ਨੂੰ ਸਕੂਲਾਂ ਨੇ ਕੀਤਾ ਸਨਮਾਨਿਤ












**ਫ਼ਿਰੋਜ਼ਪੁਰ, 19 ਜਨਵਰੀ (ਮਨੋਹਰ ਲਾਲ)** :— ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਵਿਖੇ ਅੱਜ 5 ਮਦਰਾਸ ਆਰਮੀ ਯੂਨਿਟ ਦੇ ਲੈਫਟੀਨੈਂਟ ਕਰਨਲ ਕੁੰਦਨ ਥਾਪਾ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਆਜ਼ਾਦੀ ਦੇ 75 ਵੇਂ ਮਹੋਤਸਵ ਦੇ ਤਹਿਤ ਪੰਜਾਬ ਕੋ ਜਾਨੋ ਦਾ ਇੰਟਰ ਸਕੂਲ ਕਿਵਜ਼ ਕੰਪੀਟੀਸ਼ਨ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਚਾਰ ਸਕੂਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ, ਸਰਕਾਰੀ ਹਾਈ ਸਕੂਲ ਖੁੰਦਰ ਗੱਟੀ, ਕੇ.ਆਰ. ਹਾਈ ਸਕੂਲ ਹਜ਼ਾਰਾਂ ਸਿੰਘ ਵਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਰੇ ਕੇ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਸਮਾਗਮ ਵਿਚ ਰਿਟਾਇਰ ਸੂਬੇਦਾਰ ਸਰਦਾਰ ਚਰਨ ਸਿੰਘ ਕੀਰਤੀ ਚੱਕਰ ਅਵਾਰਡ ਪ੍ਰਾਪਤ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।

ਕੰਪੀਟੀਸ਼ਨ ਵਿੱਚ ਗੱਟੀ ਰਾਜੋ. ਕੇ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪ੍ਰੋਗਰਾਮ ਦੇ ਮੁੱਖ ਉਦੇਸ਼ ਨੂੰ ਧਿਆਨ ਵਿੱਚ ਰੱਖਦੇ ਹੋਏ ਲੈਫਟੀਨੈਂਟ ਕਰਨਲ ਕੁੰਦਨ ਥਾਪਾ ਵੱਲੋਂ ਨੌਜਵਾਨਾਂ ਨੂੰ ਅਗਨੀ ਵੀਰ ਦਾ ਪੇਪਰ ਪਾਸ ਕਰਕੇ ਆਰਮੀ ਵਿੱਚ ਭਰਤੀ ਹੋਣ ਲਈ ਸੌਖੇ ਅਤੇ ਸਹੀ ਦਿਸ਼ਾ ਨਿਰਦੇਸ਼ਾਂ ਨੂੰ ਧਿਆਨ ਵਿੱਚ ਲਿਆਉਂਦਿਆਂ ਹੋਇਆਂ ਆਪਣੇ ਪ੍ਰਤਿਭਾਸ਼ਾਲੀ ਲੈਕਚਰ ਰਾਹੀਂ ਪ੍ਰੇਰਿਤ ਕੀਤਾ ਤਾਂ ਕੀ ਵੱਧ ਤੋਂ ਵੱਧ ਨੌਜਵਾਨ ਦੇਸ਼ ਸੇਵਾ ਨਾਲ ਜੁੜ ਸਕਣ, ਉੱਥੇ ਹੀ ਕਿਰਤੀ ਚੱਕਰ ਅਵਾਰਡ ਪ੍ਰਾਪਤ ਚਰਨ ਸਿੰਘ ਨੇ ਆਪਣੀ ਬਹਾਦਰੀ ਦੇ ਕਿੱਸੇ ਦੱਸਦੇ ਹੋਏ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਹੌਸਲੇ ਅਤੇ ਹਿੰਮਤ ਦਾ ਪ੍ਰਸਾਰ ਕੀਤਾ ਅਤੇ ਫਿਰ ਵਿਦਿਆਰਥੀਆਂ ਨੂੰ ਆਰਮੀ ਯੂਨਿਟ ਵੱਲੋਂ ਰਿਫਰੈਸ਼ਮੈਂਟ ਦਿੱਤੀ ਗਈ। ਸਕੂਲ ਮੁਖੀ ਤਜਿੰਦਰ ਸਿੰਘ ਵੱਲੋਂ ਮੁੱਖ ਮਹਿਮਾਨਾ, ਗੱਟੀ ਰਾਜੋ ਕੇ ਪਿੰਡ ਦੇ ਸਰਪੰਚ ਮੋਹਨ ਸਿੰਘ ਅਤੇ ਵੱਖ—ਵੱਖ ਪਿੰਡਾਂ ਦੇ ਸਰਪੰਚਾਂ, ਵੱਖ—ਵੱਖ ਸਕੂਲਾਂ ਤੋਂ ਆਏ ਅਧਿਆਪਕ ਸਾਹਿਬਾਨ ਦਾ ਸਕੂਲ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ ਗਿਆ।

ਇਸ ਮੌਕੇ ਤੇ ਖੁੰਦਰ ਗੱਟੀ ਤੋਂ ਸਕੂਲ ਮੁਖੀ ਹਨੀ ਸਿੰਘ, ਰੁਪਿੰਦਰ ਸਿੰਘ, ਕੇ.ਆਰ. ਸਕੂਲ ਤੋਂ ਮੈਡਮ ਗੀਤਾ, ਬਾਰੇ ਕੇ ਸਕੂਲ ਤੋਂ ਲੈਕਚਰਾਰ ਅਸ਼ਿਵੰਦਰ ਸਿੰਘ, ਰਾਜੇਸ਼ ਕੁਮਾਰ, ਗੱਟੀ ਰਾਜੋ. ਕੇ ਸਕੂਲ ਦੇ ਸਟਾਫ ਵਜੋਂ ਗੁਰਪ੍ਰੀਤ ਕੌਰ, ਪ੍ਰਿਅੰਕਾ ਜੋਸ਼ੀ, ਨੀਰੂ ਸ਼ਰਮਾ, ਨਰਿੰਦਰ ਕੌਰ, ਗੀਤਾ, ਮਹਿਮਾ, ਵਿਜੇ ਭਾਰਤੀ, ਪ੍ਰਿਤਪਾਲ ਸਿੰਘ, ਸੰਦੀਪ ਕੁਮਾਰ, ਮਨਦੀਪ ਸਿੰਘ, ਵਿਸ਼ਾਲ ਗੁਪਤਾ, ਅਰੁਣ ਕੁਮਾਰ, ਅਮਰਜੀਤ ਕੌਰ, ਦਵਿੰਦਰ, ਪ੍ਰਵੀਨ ਬਾਲਾ, ਸਰੂਚੀ, ਸ਼ਵੇਤਾ, ਸੁੱਚੀ ਜੈਨ, ਨੈਨਸੀ, ਬਲਜੀਤ ਕੌਰ, ਕੰਚਨ, ਨੇਹਾ, ਜਗਦੀਸ਼ ਚੰਦਰ, ਨੀਤਿਕਾ, ਕਮਲਦੀਪ, ਗਗਨਦੀਪ, ਰਜਨੀ, ਦੀਪਕ, ਕੁਲਦੀਪ ਸਿੰਘ ਹਾਜ਼ਰ ਸਨ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਪੁੱਜੇ ਦੇਸ਼ ਦੇ ਸਪੂਤ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰ ਨੂੰ ਦੇਸ਼ ਦੇ ਹਿੱਤ ਵਿਚ ਪਾਏ ਯੋਗਦਾਨ ਦੇ ਚਲਦਿਆਂ ਸਮੂਹ ਸਕੂਲਾਂ ਦੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕਰਦਿਆਂ ਨੌਜਵਾਨੀ ਨੂੰ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰ ਤੋਂ ਪ੍ਰੇਰਣਾ ਲੈ ਦੇਸ਼ ਦੀ ਤਰੱਕੀ—ਖੁਸ਼ਹਾਲੀ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ।

# ਸਮਾਜ ਸੇਵੀ ਪੀ.ਸੀ ਕੁਮਾਰ ਨੇ ਰਾਸ਼ਟਰਪਤੀ ਦੇ ਨਾਮ ਲਿਖਿਆ ਖੁੱਲ੍ਹਾ ਪੱਤਰ

### ਰਾਹ ਦਾ ਨਹੀਂ ਪਾਏ ਦਾ ਫਿਕਰ ਕਰ : ਪੀ . ਸੀ . ਕੁਮਾਰ



**ਫ਼ਿਰੋਜ਼ਪੁਰ, 19 ਜਨਵਰੀ (ਮਨੋਹਰ ਲਾਲ)** :— ਕਹਿੰਦੇ ਨੇ ਬਾਰ੍ਹਾ ਵਰ੍ਹੀ ਰੂੜੀ ਦੀ ਵੀ ਸੁਣੀ ਜਾਂਦੀ ਹੈ, ਜਿਹੜੀ ਇਨ੍ਹਾਂ ਸਰਕਾਰਾਂ ਨੇ ਝੂਠੀ ਸਾਬਤ ਕਰ ਵਿਖਾਈ। ਇਹ ਵਿਚਾਰ ਸਾਂਝੇ ਕਰਦਿਆਂ ਸਮਾਜ ਸੇਵੀ ਪੀ.ਸੀ ਕੁਮਾਰ ਨੇ ਕਿਹਾ ਕਿ ਜਨਵਰੀ 26 ਅਤੇ ਅਗਸਤ 15 ਨੂੰ ਸਟੇਟ ਤੇ ਰਾਸ਼ਟਰਪਤੀ ਐਵਾਰਡ ਹਰ ਸਾਲ ਇਨ੍ਹਾਂ ਦਿਨਾਂ ਤੇ ਆਜ਼ਾਦੀ ਤੇ ਗਣਤੰਤਰ ਦਿਵਸ ਤੇ ਦਿੱਤੇ ਜਾ ਰਹੇ ਹਨ, ਪਰ ਅੱਜ ਤੱਕ ਇਨ੍ਹਾਂ ਦੇ ਕੋਈ ਦਾਇਦਾ ਕਾਨੂੰਨ ਨਹੀਂ ਜਿਸ ਦੀ ਲਾਠੀ ਉਸ ਦੀ ਭੈਸ ਭਾਈ ਭਤੀਜਾ, ਪਿਕ ਐਂਡ ਚੂਜ਼ ਜ਼ਰ ਜ਼ੋਰੂ ਕੰਮ ਨਹੀਂ ਚਮ, ਵੋਟਾਂ ਦੀ ਰਾਜਨੀਤੀ ਭਾਵ ਹਰ ਇਕ ਕੇਸ ਵਿਚ ਮੋਮ ਦਾ ਨੱਕ, ਜਾਤੀ ਹਿੱਤ ਜਾਂ ਫਿਰ ਜ਼ੋ ਕੁਫਰ ਦੀਆਂ ਜਾਲੀ ਡਾਕੂਮੈਂਟ ਤਿਆਰ ਕਰਨ ਵਾਲੀਆਂ ਦੁਕਾਨਾਂ ਸ਼ਰੇਆਮ ਇਨ੍ਹਾਂ ਦੇ ਰੇਟਾਂ ਦੀ ਅਦਾਇਗੀਆਂ ਦਾ ਕਰ ਇਹ ਉਨ੍ਹਾਂ ਜ਼ੋ ਦੇਸ਼ ਤੋਂ ਕੁਰਬਾਨ ਵਾਲੇ ਸ਼ਹੀਦਾਂ ਤੇ ਉਨ੍ਹਾਂ ਦੇ ਸੁਪਨੇ ਸਾਕਾਰ ਕਰਨ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ ਸਥਾਪਤ ਕਰਨ ਲਈ ਤਨੋ, ਮਨੋ, ਧਨੋ ਦਿਨ—ਰਾਤ ਸੇਵਾ ਕਰਕੇ ਪ੍ਰਮ ਸ਼ਹੀਦਾਂ ਜ਼ੋ ਸਹੀ ਤੌਰ ਤੇ ਇਨ੍ਹਾਂ ਦੇ ਸਹੀ ਹੱਕਦਾਰਾਂ ਨੂੰ ਸੰਵਿਧਾਨਕ ਤੌਰ ਤੇ ਮੌਲਿਕ ਅਧਿਕਾਰਾਂ ਵਿਚ ਆਉਂਦੇ ਹਨ, ਜਿਨ੍ਹਾਂ ਨਾਲ ਅੱਜ ਤੱਕ ਕੋਈ ਲਿਖਤੀ ਦਾਇਦੇ ਕਾਨੂੰਨ ਥੱਲੇ ਤੋਂ ਲੈ ਕੇ ਉਪਰ ਤੱਕ ਕੋਈ ਕਾਇਦੇ ਕਾਨੂੰਨ ਨਹੀਂ ਬਲਕਿ ਪੰਜਾਬੀ, ਮੋਮ ਦੀ ਨੱਕ ਬਲਕਿ ਜ਼ੋ ਸਹੀ ਹੱਕਦਾਰ ਸਨ ਹੈ ਜਾਂ ਹੋਣਾ ਬਣਦੇ ਜਾਂ ਚਾਹੀਦੇ ਸਨ, ਉਨ੍ਹਾਂ ਨੂੰ ਸਨਮਾਨਿਤ ਦੀ ਥਾਂ ਅਪਮਾਨਿਆ ਨਹੀਂ ਬਲਕਿ ਹਜ਼ਾਰਾਂ ਰੁਪਏ ਹਰ ਸਾਲ 10—12 ਫਾਈਲਾਂ ਜਿਹੜੀਆਂ ਹਜ਼ਾਰਾਂ ਰੁਪਏ ਦਾ ਖਰਚਾ ਥੱਲੇ ਤੋਂ ਉਪਰ ਤੱਕ ਰਿਪੋਰਟਾਂ ਜਿਸ ਤੇ ਪੈਸਾ ਹੀ ਨਹੀਂ ਸਮਾਂ ਤੇ ਅਨਰਜੀ ਨਾਲ ਅਪਮਾਨਿਤ ਥਾਂ—ਥਾਂ ਤੇ ਰਿਪੋਰਟਾਂ ਕਰਵਾਉਣ ਨਾਲ ਕੀਤਾ ਜਾਂਦਾ ਹੈ, ਜ਼ੋ ਪੜ੍ਹ ਸੁਣ ਕੇ ਕਿਸੇ ਦੀ ਕਹੀ ਸੁੰਨੀ ਨਹੀਂ ਹੱਡ ਬੀਤੀ 2012 ਤੋਂ ਲੈ ਕੇ ਅੱਜ ਤੱਕ ਹਰ ਸਾਲ ਦੇਸ਼ ਤਿਆਰ ਕਰਨ ਵਿਚ ਪੇਸ਼ ਆ ਰਹੀਆਂ ਹਨ, ਨਾਲ ਆਰ.ਟੀ.ਆਈ ਰਾਹੀਂ ਪ੍ਰਾਪਤ ਥੱਲੇ ਤੋਂ ਲੈ ਕੇ ਉਪਰ ਰਿਪੋਰਟਾਂ ਕਰਨਾ ਕਰਵਾ ਜ਼ੋ ਸਰਕਾਰ ਦਾ ਹਰ ਰਿਪੋਰਟ ਵਿਚ ਫੀਲਡ ਸਟਾਫ, ਮੁੱਢਲੇ ਪੱਧਰ ਤੇ ਪਟਵਾਰੀ ਮੰਨਿਆ ਜ਼ੋ ਪਿੰਡ ਪੱਧਰ ਤੋਂ ਉਪਰ ਤੱਕ ਉਸਦੀ ਸਿਫਾਰਸ਼ ਸਮਝੀ ਕਿਸੇ ਸਮੇਂ ਅੱਜ ਮੋਮ ਦੀ ਨੱਕ ਜਿਥੇ ਜਿਹੜੇ ਕੰਮ ਵਿਚ ਜਾਤੀ ਹਿੱਤ ਉਹ ਮੋਮ ਦੀ ਨੱਕੇ ਵਾਲਾ ਹਰ ਕੇਸ ਵਿਚ ਮੋਮ ਦਾ ਨੱਕ ਭਾਵ ਉਪਰ ਲਿਖੇ ਅਨੁਸਾਰ ਹੋਇਆ ਹੀ ਰਹੀ ਤੇ ਹੁੰਦਾ ਰਹੇਗਾ, ਇਹ ਕਰੋੜਾਂ ਨਹੀਂ ਅਰਬਾਂ ਰੁਪਿਆਂ ਚੋਰ ਬਜ਼ਾਰੀ ਜ਼ੋ ਅਨੈਤਿਕਤਾ, ਏਕਤਾ, ਅਖੰਡਤਾ, ਭਾਈਚਾਰਕ ਸਾਂਝ ਨੂੰ ਠੇਸ ਪਹੁੰਚਾਉਣ ਵਾਲਿਆਂ ਵਿਚ ਤਰੱਕੀਆਂ, ਪ੍ਰਮੋਸ਼ਨਾਂ ਹੋਰ ਕੀ—ਕੀ ਲਾਭ ਦੇਣ ਦਿਵਾਉਣ ਲਈ ਚੋਰ ਦਰਵਾਜਿਆਂ ਰਾਹੀਂ ਭਾਈ—ਭਤੀਜਾ ਰਾਹੀਂ ਦਿੱਤੇ ਤੇ ਦੇਣ ਜਾ ਰਹੇ ਹਨ, ਤੁਰੰਤ ਇਸ ਸਾਲ ਬੰਦ ਕਰ ਸ਼ਹੀਦਾਂ ਤੇ ਪ੍ਰਮ ਸ਼ਹੀਦਾਂ ਦੀਆਂ ਆਤਮਾਵਾਂ ਜ਼ੋ ਠੇਸ ਦਾ ਪਹੁੰਚੀ ਹੀ ਪਹੁੰਚੀ ਨਾਲ ਗਲਤ ਅਨਸਰਾਂ ਨੂੰ ਬੜਾਵਾ ਜ਼ੋਰਦਾਰ ਜਨਤਾ ਮੰਗ ਕਰਦੀ ਹੈ, ਇਹ ਵਾਰਡ ਤੁਰੰਤ ਬੰਦ ਕੀਤੇ ਜਾਣ, ਜਦ ਤੱਕ ਭਾਰਤ ਦੇ ਝੁੱਗੀ, ਚੋਪੜੀ ਤੋਂ ਲੈ ਕੇ ਉਪਰ ਤੱਕ ਸਿਰਫ ਹਰ ਸਾਲ ਲਿਖ ਕੇ ਕਾਗਜ਼ੀ ਚਿੱਠੀਆਂ ਜ਼ੋ 1950 ਤੋਂ ਲੈ ਕੇ 1925 ਤੱਕ ਕਦੇ ਵੀ ਥੱਲੇ ਕੋਈ ਪੱਤਰ ਦੀ ਕਾਪੀ ਵੀ ਵਾਰਡ ਤਾਂ ਬਹੁਤਦੂਰ ਸੁਪਨਾ ਵੀ ਨਹੀਂ ਲਿਆ ਜਾ ਸਕਦਾ, ਨਹੀਂ ਪਹੁੰਚੀ 144 ਕਰੋੜ ਵਿਚੋਂ 44 ਬੰਦੇ ਵੀ ਤੁਸੀਂ ਸਹੀ ਹੱਕਦਾਰ ਮੈਨੂੰ ਲਿਖਤੀ ਤੌਰ ਜਿਨ੍ਹਾਂ ਦਾ ਹੱਕ ਬਣਦਾ ਹੈ, ਲਿਸਟ ਦੇ ਦੇਵੋ ਸਮਝਾ ਥੱਲੇ ਰਾਏ ਜ਼ੋ ਬਿਲਕੁਲ ਇਕੋ ਇਕ ਚੌਰਾਂ ਦੇ ਕਪੜੇ ਥਣਾਂ ਦੇ ਗੱਜ ਜ਼ੋ ਤੁਰੰਤ ਪੜ੍ਹਤਾਲ ਦੀ ਮੰਗ ਸਾਰੇ ਭਾਰਤ ਵਿਚ ਇਕ ਨਿਰਪੱਖ ਸੂਝਵਾਨ ਇਨਸਾਫ ਪਸੰਦ ਕੰਮ ਪਸੰਦ ਉੱਚ ਕੋਟੀ ਹਰ ਵਰਗ ਦਾਇਰੇ, ਇਲਾਕੇ ਦੇ ਮਾਹਿਰਾਂ ਦੀ ਕਾਇਦੇ ਕਾਨੂੰਨ ਦੇ ਆਧਾਰ ਤੇ ਉੱਚ ਪੱਧਰੀ ਥੱਲੇ ਝੁਗੀ ਝੋਪੜੀ ਤੋਂ ਲੈਕੇ ਹਰ ਸੂਬੇ ਦੀ ਨਿਮਾਇਦਗੀ ਵੋਟਾਂ ਦੀ ਰਾਜਨੀਤੀ ਤੋਂ ਉਪਰ ਉਠ ਇਕੋ—ਇਕ ਸ਼ਹੀਦਾਂ ਤੇ ਪ੍ਰਮ ਸ਼ਹੀਦਾਂ ਦੀ ਸੋਚ ਤੇ ਪਹਿਰਾ ਦੇਣ ਵਾਲੇ ਲੋਕਾਂ ਦੀ ਪਹਿਚਾਨ ਨੂੰ ਧਿਆਨ ਵਿਚ ਰੱਖਦੇ ਹੋਏ ਦੇਸ਼ ਦੇ ਉੱਚ ਸਨਮਾਨਾਂ ਦੀ ਆਨ, ਮਾਨ, ਸ਼ਾਨ ਜ਼ੋ ਮਿੱਟੀ ਵਿਚ ਮਿਲ ਲੋਕਾਂ ਦੀਆਂ ਨਜ਼ਰਾਂ ਵਿਚ ਲੁੱਡਾ ਲੰਡਾ ਚੌਧਰੀ ਗੁੰਡੀ ਰਨ ਪ੍ਰਧਾਨ ਨਹੀਂ ਬਲਕਿ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ, ਤਰੱਕੀ, ਖੁਸ਼ਹਾਲੀ ਤੋਂ ਖੋਈ ਹੋਈ ਬੁਲੰਦੀਆਂ ਨੂੰ ਹਰ ਖੇਤਰ ਵਿਚ ਅੱਗੇ ਲੈ ਜਾਣ ਵਾਲੇ ਚੁੰਨ ਤੇ ਚੁਨਣ ਵਾਲੇ ਦੀ ਪਹਿਚਾਨ ਪਹਿਲਾਂ ਤੇ ਆਖਰੀ ਮਕ'ਦ ਇਸ ਦਾਇਰੇ ਦਾ ਹੋਣਾ ਲੋਕ ਦੇਸ਼ ਦੁਨਿਆ ਦਾ ਹਿੱਤ ਹੈ।





**ਜਨਮ ਦਿਨ ਮੁਬਾਰਕ**

**ਫਤਿਹਬੀਰ ਸਿੰਘ (ਸਰਾਂ) ਅੰਮ੍ਰਿਤਸਰ**

### ਦਮਦਮੀ ਟਕਸਾਲ ਦੇ ਪਹਿਲੇ ਮੁਖੀ

# ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



**ਚੌਕ ਮਹਿਤਾ, ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਾਂ ਦੀ ਸਿਰਮੌਰ ਜਥੇਬੰਦੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਦੇ ਮੌਜੂਦਾ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਨੋਖੇ ਅਮਰ ਸ਼ਹੀਦ, ਬ੍ਰਹਮ ਗਿਆਨੀ ਬਾਬਾ ਦੀਪ ਸਿੰਘ ਸਾਹਿਬ ਜੀ ਦਾ ਜਨਮ ਦਿਹਾੜਾ ਉਨ੍ਹਾਂ ਦੇ ਪੁਰਾਤਨ ਜਨਮ ਅਸਥਾਨ "ਅੰਦਰਲਾ ਗੁਰਦੁਆਰਾ" ਪਿੰਡ ਪਹੂਵਿੰਡ (ਤਰਨ ਤਾਰਨ) ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ।

## ਪੁਰਾਤਨ ਜਨਮ ਅਸਥਾਨ "ਪਹੂਵਿੰਡ" ਵਿਖੇ ਬਾਬਾ ਹਰਨਾਮ ਸਿੰਘ ਖਾਲਸਾ ਦੀ ਅਗਵਾਈ 'ਚ ਵਿਸ਼ਾਲ ਸਮਾਗਮ

ਜਿਕਰਯੋਗ ਹੈ ਕਿ ਇਸ ਅਸਥਾਨ ਦੀ ਸੇਵਾ ਸੰਭਾਲ ਮਿਲਣ ਤੋਂ ਬਾਅਦ ਦਮਦਮੀ ਟਕਸਾਲ ਮਹਿਤਾ ਵੱਲੋਂ ਪਹਿਲੀ ਵਾਰ ਇਹ ਦਿਹਾੜਾ ਵੱਡੇ ਪੱਧਰ ਤੇ ਮਨਾਇਆ ਗਿਆ, ਅਤੇ ਇਸ ਅਸਥਾਨ ਉਪਰ ਬਾਬਾ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿਚ ਕਾਰ ਸੇਵਾ ਬਹੁਤ ਜਲਦ ਸ਼ੁਰੂ ਹੋਵੇਗੀ। ਅੱਜ ਦੇ ਸਮਾਗਮ ਦੌਰਾਨ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ, ਕੀਰਤਨੀ ਜਥੇਆਂ ਨੇ ਹਜਾਰਾਂ ਦੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾਇਆ।

ਇਸ ਸਮੇਂ ਸਿੱਖ ਪੰਥ ਦੇ ਮਹਾਨ ਵਿਦਵਾਨ ਬਾਬਾ ਬੰਤਾ ਸਿੰਘ ਜੀ ਨੇ ਮਹਾਨ ਸੂਰਬੀਰ ਯੋਧੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਤੋਂ ਲੈ ਕਰਕੇ ਸ਼ਹੀਦੀ ਪ੍ਰਾਪਤ ਕਰਨ ਤਕ ਦਾ ਇਤਿਹਾਸ ਸਰਵਣ ਕਰਵਾਇਆ, ਅਤੇ ਸੰਗਤ ਨੂੰ ਸ਼ਬਦ ਗੁਰੂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਦੀ ਸੇਧ ਦਿੱਤੀ।

ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਪਹੁੰਚੇ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਨੇ ਸੰਗਤ ਦੇ ਸਨਮੁੱਖ ਹੁੰਦਿਆਂ ਆਖਿਆ ਕਿ ਜਿਥੇ ਅਸੀਂ ਆਪਣੇ ਗੁਰੂ ਸਾਹਿਬਾਨਾਂ ਅਤੇ ਮਹਾਨ ਸ਼ਹੀਦਾਂ ਦੇ ਦਿਹਾੜੇ ਮਨਾਉਂਦੇ ਹਾਂ, ਉਥੇ ਹੀ ਸਾਨੂੰ ਉਨ੍ਹਾਂ ਦੇ ਵੱਲੋਂ ਦਰਸਾਈ ਗਈ ਜੀਵਨ ਜਾਚ ਨੂੰ ਵੀ ਅਪਨਾਉਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਦਮਦਮੀ ਟਕਸਾਲ ਸ਼ਹੀਦਾਂ ਦੀ ਜਥੇਬੰਦੀ ਹੈ, ਜਿਸ ਦਾ ਸਿੱਖ ਪੰਥ ਦੇ ਵਿਚ ਮਹਾਨ ਰੁਤਬਾ ਹੈ, ਸ਼੍ਰੀ ਹਰਮੰਦਿਰ ਸਾਹਿਬ ਵਿਖੇ ਜਿਥੇ ਇਕ ਪਾਸੇ ਦਮਦਮੀ ਟਕਸਾਲ ਦੇ ਪਹਿਲੇ ਮੁੱਖੀ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਅਸਥਾਨ ਹੈ, ਉਥੇ ਹੀ ਦੂਜੇ ਪਾਸੇ ਟਕਸਾਲ ਦੇ ਚੌਧਵੇਂ ਮੁੱਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਦੀ ਸ਼ਹੀਦੀ ਗੈਲਰੀ ਵਿਚ ਯਾਦਗਾਰ ਸਥਾਪਿਤ ਕੀਤੇ ਜਾਣਾ ਆਪਣੇ ਆਪ ਵਿਚ ਕਿਸੇ ਵਿਲੱਖਣ ਪ੍ਰਾਪਤੀ ਤੋਂ ਘੱਟ ਨਹੀਂ ਹੈ।

ਉਨ੍ਹਾਂ ਆਖਿਆ ਕਿ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਟਕਸਾਲ ਦੇ ਸੁਨਹਿਰੀ ਇਤਿਹਾਸ ਨੂੰ ਅੱਗੇ ਤੋਰਦਿਆਂ ਕੌਮ ਦੀ ਚੜ੍ਹਦੀ ਕਲਾ ਲਈ ਕਾਰਜ ਕਰ ਰਹੇ ਹਨ, ਜੋ ਪੂਰੇ ਸਿੱਖ ਪੰਥ ਵਿਚ ਪ੍ਰਸ਼ੰਸਾ ਯੋਗ ਹਨ। ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ ਬੁੱਟਰ ਗ੍ਰੰਥੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ, ਭਾਈ ਰਜਿੰਦਰ ਸਿੰਘ ਮਹਿਤਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ, ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਸੰਤ ਗਿਆਨੀ ਸੁਰਜੀਤ ਸਿੰਘ ਮਹਿਰੋਂ, ਸੰਤ ਬਾਬਾ ਮੇਜਰ ਸਿੰਘ ਜੀ ਮੁੱਖੀ ਦਸ਼ਮੇਸ਼ ਤਰਨਾਦਲ, ਭਾਈ ਹਰਸ਼ਦੀਪ ਸਿੰਘ ਰੰਧਾਵਾ ਤੇ ਭਾਈ ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਧਾਨ ਅਮਰਬੀਰ ਸਿੰਘ ਢੋਟ, ਸੰਤ ਬਾਬਾ ਹੀਰਾ ਸਿੰਘ ਜੀ ਚੋਹਲਾ ਸਾਹਿਬ, ਬਾਬਾ ਮੇਜਰ ਸਿੰਘ ਵਾਂ, ਜਥੇ. ਨਿਰਵੈਰ ਸਿੰਘ, ਬਾਬਾ ਸੁਖਵਿੰਦਰ ਸਿੰਘ ਮਾਲੂਵਾਲ, ਸੰਤ ਬਾਬਾ ਗੁਰਬਚਨ ਸਿੰਘ ਸੁਰਸਿੰਘ, ਭਾਈ ਹੀਰਾ ਸਿੰਘ, ਅਵਤਾਰ ਸਿੰਘ ਅਲਗੋਕੋਠੀ, ਪ੍ਰਿੰ. ਧਰਮਬੀਰ ਸਿੰਘ ਚੀਮਾ, ਪ੍ਰਿੰ. ਕੰਧਾਲ ਸਿੰਘ, ਬਾਬਾ ਕੁਲਵੰਤ ਸਿੰਘ ਦੋਬਾਨੀਆਂ, ਮਹੰਤ ਸੁਖਦੇਵ ਸਿੰਘ, ਜਥੇ, ਮੰਗਲ ਸਿੰਘ, ਸਰਪੰਚ ਇੰਦਰਬੀਰ ਸਿੰਘ, ਚੇਅਰਮੈਨ ਰਜਵੰਤ ਸਿੰਘ, ਸਰਪੰਚ ਅਮਰਜੀਤ ਸਿੰਘ, ਨੰਬਰਦਾਰ ਬਲਜੀਤ ਸਿੰਘ, ਠੇਕੇਦਾਰ ਰਾਮ ਸਿੰਘ, ਪ੍ਰਧਾਨ ਗੁਰਚਰਨ ਸਿੰਘ, ਸਰਪੰਚ ਜੁਗਰਾਜ ਸਿੰਘ ਤੇ ਗੁਰਸਾਹਿਬ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

### ਕੌਂਸਲਰ ਬਲਵਿੰਦਰ ਸਿੰਘ ਗਿੱਲ ਨੂੰ

# ਮੇਅਰ ਬਣਾਉਣ ਦੀ ਮੰਗ ਕੀਤੀ



**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਉਤਰੀ ਹਲਕੇ ਵਿਚ ਪੈਂਦੇ ਵਾਰਡ 8 ਦੇ ਵਸਨੀਕਾਂ ਨਾਲ ਇਕ ਮੀਟਿੰਗ ਕੀਤੀ ਗਈ। ਇਸ ਦੌਰਾਨ ਇਲਾਕਾ ਵਾਸੀਆਂ ਨੇ ਮੰਗ ਕੀਤੀ ਕਿ ਐਡਵੋਕੇਟ ਬਲਵਿੰਦਰ ਸਿੰਘ ਗਿੱਲ ਨੂੰ ਮੇਅਰ ਬਣਾਇਆ ਜਾਵੇ ਕਿਉਂਕਿ ਉਹ ਮਿਹਨਤੀ ਅਤੇ ਇਮਾਨਦਾਰ ਹਨ। ਉਹ ਪਹਿਲਾਂ 2017 ਤੋਂ 2022 ਤੱਕ ਇਸੇ ਵਾਰਡ ਵਿਚ ਕੌਂਸਲਰ ਵਜੋਂ ਇਮਾਨਦਾਰੀ ਨਾਲ ਸੇਵਾ ਨਿਭਾ ਚੁੱਕੇ ਹਨ। ਇਸ ਸਮੇਂ ਦੌਰਾਨ ਬਲਵਿੰਦਰ ਸਿੰਘ ਗਿੱਲ ਨੇ ਵਾਰਡ ਵਿਚ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜ ਕਰਵਾਏ ਹਨ। ਉਹ ਦਿਨ ਰਾਤ ਲੋਕਾਂ ਦੀ ਸੇਵਾ ਕਰ ਰਹੇ ਹਨ। ਜਿਸ ਕਾਰਨ ਇਸ ਵਾਰ ਵੀ ਲੋਕਾਂ ਨੇ ਨਿਗਮ ਚੋਣਾਂ ਵਿਚ ਬਲਵਿੰਦਰ ਸਿੰਘ ਗਿੱਲ ਨੂੰ ਜਿੱਤ ਦਿਵਾਈ ਹੈ। ਵਾਰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਮੇਅਰ ਦੀ ਜ਼ਿੰਮੇਵਾਰੀ ਐਡਵੋਕੇਟ ਬਲਵਿੰਦਰ ਸਿੰਘ ਨੂੰ ਦਿੱਤੀ ਜਾਵੇ ਕਿਉਂਕਿ ਉਹ ਪੜ੍ਹੇ-ਲਿਖੇ ਅਤੇ ਸੂਝਵਾਨ ਹਨ। ਇਸ ਮੌਕੇ ਆਜ਼ਾਦਵੀਰ ਸਿੰਘ ਛੀਨਾ, ਸੰਨੀ ਸਭਰਵਾਲ, ਦਿਨੇਸ਼ ਅਗਰਵਾਲ, ਐਡਵੋਕੇਟ ਨਰਿੰਦਰ ਬਾਜਵਾ, ਸੁਖਪਾਲ ਸਿੰਘ, ਪੂਰਨ ਚੰਦ, ਨਰਿੰਦਰ ਕਵਲ ਸ਼ਰਮਾ, ਬਾਦਲ ਕੁਮਾਰ, ਗੁਰਦੀਪ ਰਾਏ, ਗੁਰਜੀਤ ਚਾਵਲਾ, ਹਰੀਸ਼ ਕੁਮਾਰ, ਇੰਦਰਜੀਤ ਅਗਰਵਾਲ ਆਦਿ ਮੌਜੂਦ ਸਨ।

# ਫੈਡਰੇਸ਼ਨ ਆਫ ਬੰਬੇ ਟਰਾਂਸਪੋਰਟ ਆਪਰੇਟਰ ਵਲੋਂ ਮਨਾਇਆ 70 ਵਾ ਸਥਾਪਨਾ ਦਿਵਸ : ਮਲਕੀਤ ਸਿੰਘ ਬੱਲ



**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਰਿਵਹਨ ਉਦਯੋਗ ਅਤੇ ਰਾਸ਼ਟਰ ਨਿਰਮਾਣ ਵੱਲ ਸਮਰਪਿਤ ਸੱਤ ਦਹਾਕਿਆਂ ਦੀ ਸੇਵਾ ਦਾ ਪ੍ਰਤੀਕ ਫੈਡਰੇਸ਼ਨ ਆਫ ਬੰਬੇ ਟਰਾਂਸਪੋਰਟ ਅਪਰੇਟਰਜ਼ ਨੇ ਆਪਣਾ 70ਵਾਂ ਸਥਾਪਨਾ ਦਿਵਸ ਮਨਾਇਆ ਇਸ ਮੌਕੇ 'ਤੇ ਪਰਿਵਹਨ ਕਮਿਸ਼ਨਰ ਵਿਵੇਕ ਭੀਮਨਵਾਰ ਨੇ ਕਈ ਮਹੱਤਵਪੂਰਨ ਐਲਾਨ ਕੀਤੇ, ਜਿਨ੍ਹਾਂ ਨੂੰ ਟਰਾਂਸਪੋਰਟ ਕਮਿਊਨਿਟੀ ਨੇ ਬਹੁਤ ਹੀ ਸਰਾਹਿਆ। ਇਹ ਐਲਾਨ ਇਸ ਪ੍ਰੋਗਰਾਮ ਦੀ ਪ੍ਰਮੁੱਖ ਪ੍ਰਾਪਤੀ ਅਤੇ ਟਰਾਂਸਪੋਰਟ ਕਮਿਊਨਿਟੀ ਲਈ ਇੱਕ ਤੋਹਫ਼ੇ ਵਜੋਂ ਹੋਈ ਗਏ ਵਾਸੀ ਦੇ ਸਿਡਕੋ ਕਨਵੇਂਸ਼ਨ ਸੈਂਟਰ ਵਿੱਚ ਹੋਏ ਇਸ ਇਤਿਹਾਸਕ ਪ੍ਰੋਗਰਾਮ ਦੌਰਾਨ, ਵਿਵੇਕ ਭੀਮਨਵਾਰ ਨੇ ਕਿਹਾ ਕਿ ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀ 100 ਦਿਨਾਂ ਦੀ ਯੋਜਨਾ ਵਿੱਚ ਰਾਜ ਦੇ ਚੈੱਕਪੋਸਟਾਂ ਨੂੰ ਹਟਾਉਣ ਦਾ ਮਸਲਾ ਉਠਾਇਆ ਹੈ। ਇਹ ਟਰਾਂਸਪੋਰਟ ਕਮਿਊਨਿਟੀ ਦੀ ਪੁਰਾਣੀ ਮੰਗ ਸੀ, ਜਿਸ ਨਾਲ ਸੰਗਠਨ ਪ੍ਰਕਿਰਿਆ ਆਸਾਨ ਹੋਵੇਗੀ ਅਤੇ ਦੇਰੀ ਨੂੰ ਘਟਾਇਆ ਜਾਵੇਗਾ। ਟਰੱਕਾਂ 'ਤੇ ਕਲੀਨਰ ਦੀ ਗੈਰਹਾਜ਼ਰੀ ਕਾਰਨ ਚਾਲਾਨ ਜਾਰੀ ਕਰਨ ਦੀ ਸਮੱਸਿਆ ਨੂੰ ਹੱਲ ਕਰਨ ਲਈ ਡਰਾਫਟ ਲਾਅ ਅਤੇ ਜੁਡੀਸ਼ਰੀ ਡਿਪਾਰਟਮੈਂਟ ਨੂੰ ਭੇਜਿਆ ਗਿਆ ਹੈ। ਇਸ ਦੀ ਸੂਚਨਾ ਜਲਦੀ ਜਾਰੀ ਹੋਣ ਦੀ ਉਮੀਦ ਹੈ ਮੁੱਖ ਮੰਤਰੀ ਦਫਤਰ ਦੇ ਮੁਖੀ ਰਮੇਸ਼ਵਰ ਨਾਇਕ ਨੇ ਮਹਾਰਾਸ਼ਟਰ ਸਰਕਾਰ ਅਤੇ ਫੈਡਰੇਸ਼ਨ ਵਿਚਕਾਰ ਇੱਕ ਐਮਓਯੂ ਦਾ ਸੁਝਾਅ ਦਿੱਤਾ। ਇਸ ਸਮਝੌਤੇ ਦਾ ਮਕਸਦ ਛੋਟੇ ਰੋਡ ਟਰਾਂਸਪੋਰਟ ਓਪਰੇਟਰਾਂ, ਡਰਾਈਵਰਾਂ, ਮਕੈਨਿਕਾਂ ਅਤੇ ਟਰਾਂਸਪੋਰਟ ਕਮਿਊਨਿਟੀ ਦੇ ਹੋਰ ਜ਼ਰੂਰਤਮੰਦ ਮੈਂਬਰਾਂ ਲਈ ਸਿਹਤ ਜਾਂਚ ਕੈਂਪ ਅਤੇ ਡਾਕਟਰੀ ਸਹਾਇਤਾ ਪ੍ਰਦਾਨ ਕਰਨਾ ਹੈ ਇਸ ਮੌਕੇ ਪਾਸ਼ਾ ਪਟੇਲ ਨੇ ਗਰੰਟੀ ਦਿੱਤੀ ਕਿ ਉਹ ਟਰਾਂਸਪੋਰਟ ਕਮਿਊਨਿਟੀ ਦੇ ਮਸਲਿਆਂ ਨੂੰ ਸਰਕਾਰ ਕੋਲ ਪੇਸ਼ ਕਰਨ ਲਈ ਆਪਣੇ ਵਾਅਦੇ ਨੂੰ ਨਿਭਾਉਣਗੇ, ਜਿਵੇਂ ਕਿ ਉਹ ਪਿਛਲੇ ਸਮੇਂ 'ਚ ਕਰਦੇ ਰਹੇ ਹਨ। ਉਨ੍ਹਾਂ ਦੀ ਲਗਾਤਾਰ ਮਦਦ ਨੂੰ ਸਾਰੇ ਸ਼ਰਕਾ ਨੇ ਬਹੁਤ ਹੀ ਪ੍ਰਸ਼ੰਸਾ ਦਿੱਤੀ ਫੈਡਰੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਬਲ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਛੋਟੇ ਟਰਾਂਸਪੋਰਟ ਓਪਰੇਟਰਾਂ ਦੇ ਮੁੱਖ ਚੁਣੌਤੀਆਂ ਨੂੰ ਜ਼ੋਰ ਨਾਲ ਉਜਾਗਰ ਕੀਤਾ ਅਤੇ ਉਨ੍ਹਾਂ ਦੇ ਹੱਲ ਲਈ ਸਹਿਯੋਗਤਮਕ ਦ੍ਰਿਸ਼ਟੀਕੋਣ ਦੀ ਲੋੜ 'ਤੇ ਜ਼ੋਰ ਦਿੱਤਾ ਕਮੇਟੀ ਦੇ ਪ੍ਰਧਾਨ ਮਲਕੀਤ ਸਿੰਘ ਬੱਲ ਨੇ ਕਿਹਾ,

"ਸਥਾਪਨਾ ਦਿਵਸ ਟਰਾਂਸਪੋਰਟ ਕਮਿਊਨਿਟੀ ਦੇ ਯੋਗਦਾਨ ਨੂੰ ਯਾਦ ਕਰਨ ਅਤੇ ਉਨ੍ਹਾਂ ਦੀਆਂ ਭਵਿੱਖ ਦੀਆਂ ਲੋੜਾਂ 'ਤੇ ਧਿਆਨ ਕੇਂਦਰਿਤ ਕਰਨ ਦਾ ਇੱਕ ਇਤਿਹਾਸਕ ਮੌਕਾ ਹੈ ਓਨਾ ਕਿਹਾ ਕਿ ਖਾਸ ਤੌਰ 'ਤੇ ਚੈੱਕਪੋਸਟ ਹਟਾਉਣ, ਈ-ਚਾਲਾਨ ਸੁਧਾਰ ਅਤੇ ਟਰਾਂਸਪੋਰਟ ਵਰਕਰਾਂ ਲਈ ਮੈਡੀਕਲ ਸਹਾਇਤਾ, ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ ਸਾਡਾ ਮਕਸਦ ਛੋਟੇ ਰੋਡ ਟਰਾਂਸਪੋਰਟ ਓਪਰੇਟਰਾਂ ਨੂੰ ਸ਼ਕਤੀਸ਼ਾਲੀ ਬਣਾਉਣਾ ਅਤੇ ਟਰਾਂਸਪੋਰਟ ਖੇਤਰ ਨੂੰ ਮਜ਼ਬੂਤ ਕਰਨਾ ਹੈ ਇਸ ਇਤਿਹਾਸਕ ਪ੍ਰੋਗਰਾਮ ਨੇ ਨਾ ਸਿਰਫ਼ ਮਹੱਤਵਪੂਰਨ ਐਲਾਨਾਂ ਨੂੰ ਉਜਾਗਰ ਕੀਤਾ, ਸਗੋਂ ਟਰਾਂਸਪੋਰਟ ਖੇਤਰ ਵਿੱਚ ਅਰਥਪੂਰਕ ਸੁਧਾਰਾਂ ਦੀ ਵਕਾਲਤ ਕਰਨ ਲਈ ਫੈਡਰੇਸ਼ਨ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ ਇਸ ਮੌਕੇ ਫੈਡਰੇਸ਼ਨ ਨੇ ਇਸ ਪ੍ਰੋਗਰਾਮ ਨੂੰ ਬੇਮਿਸਾਲ ਸਫਲਤਾ ਬਣਾਉਣ ਲਈ ਸਾਰਿਆ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਲਾਹੌਰ 'ਚ ਸ਼ੁਰੂ ਹੋਈ ਵਿਸ਼ਵ ਪੰਜਾਬੀ ਕਾਨਫਰੰਸ ਵਿਚ ਪੰਜਾਬੀ ਪੱਤਰਕਾਰ ਸਦਨ ਯੂ. ਕੇ. ਦੇ ਮੁੱਖੀ ਪ੍ਰੋ : ਸ਼ਿੰਗਾਰਾ ਸਿੰਘ ਢਿਲੋਂ ਸ਼ਿਰਕਤ ਕਰ ਪਹੁੰਚੇ



**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਪੱਤਰਕਾਰ ਸਦਨ ਯੂ . ਕੇ . ਦੇ ਮੁੱਖੀ ਪ੍ਰੋ : ਸ਼ਿੰਗਾਰਾ ਸਿੰਘ ਢਿੱਲੋਂ ਲਾਹੌਰ ਵਿਖ਼ੇ ਸ਼ੁਰੂ ਹੋਈ 34ਵੀਂ ਵਿਸ਼ਵ ਪੰਜਾਬੀ ਕਾਨਫਰੰਸ ਵਿੱਚ ਹਿੱਸਾ ਲੈਣ ਬੀਤੀ ਸ਼ਾਮ ਵਾਹਗਾ-ਅਟਾਰੀ ਸੜਕ ਰਾਸਤੇ ਪਾਕਿਸਤਾਨ ਵਿੱਚ ਪਹੁੰਚ ਗਏ ਪ੍ਰੋ ਢਿੱਲੋਂ ਪਾਕਿਸਤਾਨ ਦੇ ਸਾਬਕਾ ਵਜ਼ੀਰ ਫਖਰ ਜਮਾਨ ਦੇ ਸੱਦੇ ਉੱਪਰ ਇਸ ਕਾਨਫਰੰਸ ਵਿੱਚ ਹਿੱਸਾ ਲੈਣ ਪਹੁੰਚੇ ਹਨ ਇਥੇ ਇਹ ਵਰਣਨ ਯੋਗ ਹੈ ਕਿ ਭਾਰਤ ਤੋਂ ਵੀ ਗਏ 65 ਮੈਂਬਰੀ ਵਫਦ ਦੀ ਅਗਵਾਈ ਵਿਸ਼ਵ ਪੰਜਾਬੀ ਕਾਨਫਰੰਸ ਦੇ ਭਾਰਤੀ ਚੈਪਟਰ ਦੇ ਕੋਆਰਡੀਨੇਟਰ ਸਹਿਜਪ੍ਰੀਤ ਸਿੰਘ ਮਾਂਗਟ, ਭਾਰਤੀ ਚੈਪਟਰ ਦੇ ਚੇਅਰਮੈਨ ਡਾ ਦੀਪਕ ਮਨਮੋਹਨ ਸਿੰਘ ਤੇ ਉੱਘੇ ਕਵੀ ਅਤੇ ਪੰਜਾਬੀ ਵਿਰਾਸਤ ਲੋਕ ਅਕਾਡਮੀ ਦੇ ਚੇਅਰਮੈਨ ਗੁਰਭਜਨ ਸਿੰਘ ਗਿੱਲ ਕਰ ਰਹੇ ਹਨ। ਡੈਲੀਗੇਸ਼ਨ ਵਿੱਚ ਸਾਹਿਤ, ਕਲਾ, ਸੱਭਿਆਚਾਰ, ਪੱਤਰਕਾਰੀ ਖੇਤਰ ਨਾਲ ਜੁੜੀਆਂ ਉੱਘੀਆਂ ਸਖਸ਼ੀਅਤਾਂ ਤੋਂ ਇਲਾਵਾ ਕਾਹਨ ਸਿੰਘ ਪੰਨੂ ਆਦਿ ਸਾਬਕਾ ਆਈ.ਏ.ਐਸ., ਆਈ.ਪੀ.ਐਸ. ਅਧਿਕਾਰੀ, ਪ੍ਰੋਫੈਸਰ ਆਦਿ ਸ਼ਾਮਲ ਹਨ। ਕਾਨਫਰੰਸ ਦੌਰਾਨ ਗੁਰਭਜਨ ਸਿੰਘ ਗਿੱਲ, ਸਹਿਜਪ੍ਰੀਤ ਸਿੰਘ ਮਾਂਗਟ, ਤ੍ਰੈਲੋਚਨ ਲੋਚੀ ਤੇ ਨਵਦੀਪ ਸਿੰਘ ਗਿੱਲ ਦੀਆਂ ਗੁਰਮੁਖੀ ਦੇ ਨਾਲ ਸ਼ਾਹਮੁੱਖੀ ਵਿੱਚ ਪ੍ਰਕਾਸ਼ਿਤ ਨਵੀਆਂ ਪੁਸਤਕਾਂ ਵੀ ਰਿਲੀਜ਼ ਵੀ ਹੋਣਗੀਆਂ। ਵਫ਼ਦ ਵਿੱਚ ਸ਼ਾਮਲ ਪ੍ਰਮੁੱਖ ਸਖਸ਼ੀਅਤਾਂ ਵਿਚ ਦਰਸ਼ਨ ਸਿੰਘ ਬੁੱਟਰ, ਡਾ ਸੁਖਦੇਵ ਸਿਰਸਾ, ਕਾਹਨ ਸਿੰਘ ਪੰਨੂੰ ਆਈ ਏ ਐਸ , ਗੁਰਪ੍ਰੀਤ ਸਿੰਘ ਤੂਰ, ਜੰਗ ਬਹਾਦਰ ਗੋਇਲ, ਅੰਮ੍ਰਿਤ ਕੌਰ ਗਿੱਲ, ਪੰਮੀ ਬਾਈ, ਡੌਲੀ ਗੁਲੇਰੀਆ, ਸੁਨੀਤਾ ਧੀਰ ਆਦਿ ਸ਼ਾਮਲ ਹਨ। ਡੈਲੀਗੇਸ਼ਨ ਵੱਲੋਂ ਲਾਹੌਰ ਦੇ ਨਾਲ ਨਨਕਾਣਾ ਸਾਹਿਬ, ਕਰਤਾਰਪੁਰ ਸਾਹਿਬ, ਗੁਜਰਾਂਵਾਲਾ ਤੇ ਕਸੂਰ ਦਾ ਵੀ ਦੌਰਾ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਬਾਬਾ ਹਰਦੇਵ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਪੁੱਤਰ ਸ੍ਰ ਗੁਰਜੰਟ ਸਿੰਘ ਜੀ ਦੇ ਨਮਿੱਤ ਸ਼ਰਧਾਂਜਲੀ ਸਮਾਗਮ 'ਚ

# ਇੰਟਰਨੈਸ਼ਨਲ ਪੰਥਕ ਦਲ ਸਮੂਹ ਜਥੇਬੰਦੀ ਵੱਲੋਂ ਹਾਜ਼ਰੀ ਭਰੀ ਗਈ


















(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ ਵਾਲਿਆਂ ਦੇ ਨੌਜਵਾਨ ਪੁੱਤ ਸ੍ਰ ਗੁਰਜੰਟ ਸਿੰਘ ਐਕਸੀਡੈਂਟ ਹੋਣ ਕਾਰਨ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੇ ਨਮਿੱਤ ਸ਼ਰਧਾਂਜਲੀ ਸਮਾਗਮ ਹੋਇਆ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਇਸ ਤੋਂ ਉਪਰੰਤ ਗੁਰਦੁਆਰਾ ਕਲਗੀਧਰ ਸਿੰਘ ਸਭਾ ਵਿਖੇ ਦੀਵਾਨ ਸਜਾਏ ਗਏ।ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਜੀ ਦੇ ਜਥੇ ਵੱਲੋਂ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਗੁਰਜੰਟ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਾਬਾ ਹਰਦੇਵ ਸਿੰਘ ਜੀ ਨਾਲ ਫੋਨ ਰਾਹੀਂ ਦੁੱਖ ਜਾਹਿਰ ਕੀਤਾ ਅਤੇ ਸਿੰਘ ਸਾਹਿਬ ਜੀ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜ਼ਰੀ ਲਵਾਈ। ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਭੁਪਿੰਦਰ ਸਿੰਘ ਜੀ ਤੂਤ ਜਰਨਲ ਸਕੱਤਰ ਤਰਨ ਤਾਰਨ , ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਸ੍ਰ ਦਲਜੀਤ ਸਿੰਘ ਜੀ ਮੁੱਠਿਆਂਵਾਲਾ ਬਲਾਕ ਪ੍ਰਧਾਨ ਵਲਟੋਹਾ, ਅਤੇ ਸਮੂਹ ਵਰਕਰ ਸਾਹਿਬਾਨਾਂ ਵੱਲੋਂ ਹਾਜ਼ਰੀ ਭਰੀ ਗਈ। ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਵੱਲੋਂ ਸਮੂਹ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਇਸ ਤੋਂ ਇਲਾਵਾ ਇਲਾਕੇ ਦੇ ਸਰਪੰਚ ਮੋਹਤਬਾਰ ਸਿੰਘ ਨੰਬਰਦਾਰ ਹਾਜ਼ਰ ਹੋਏ। ਬਹੁਤ ਭਾਰੀ ਗਿਣਤੀ ਵਿੱਚ ਸੰਗਤਾਂ ਅੰਤਿਮ ਅਰਦਾਸ ਵਿੱਚ ਪਹੁੰਚੀਆਂ।ਇਸ ਮੌਕੇ ਸ੍ਰ ਹਰਪਾਲ ਸਿੰਘ ਜੀ ਬਲੇਰ ਕੌਮੀ ਜਰਨਲ ਸਕੱਤਰ ਅਕਾਲੀ ਦਲ ਸ੍ਰੀ ਅੰਮ੍ਰਿਤਸਰ, ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਬਾਬਾ ਹਰਪਾਲ ਸਿੰਘ ਹੈੱਡ ਗ੍ਰੰਥੀ, ਬਾਬਾ ਬਲਦੇਵ ਸਿੰਘ, ਸ੍ਰ ਜਗੀਰ ਸਿੰਘ, ਸ੍ਰ ਸ਼ਬੇਗ ਸਿੰਘ, ਸ੍ਰ ਸਤਨਾਮ ਸਿੰਘ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਹਰਪ੍ਰੀਤ ਸਿੰਘ ਅਤੇ ਹੋਰ ਸਮੂਹ ਪਤਵੰਤੇ ਹਾਜ਼ਰ ਸਨ।

ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੀ ਸੂਬਾ ਕਾਰਜਕਾਰਨੀ ਵਲੋਂ

# ਇੰਜ ਦਲਜੀਤ ਸਿੰਘ ਕੋਹਲੀ ਨੂੰ ਸਰਬ ਸੰਮਤੀ ਨਾਲ ਚੁਣੇ ਗਏ ਸੂਬਾ ਪ੍ਰਧਾਨ :ਇੰਜ ਗੁਰਦਿਆਲ ਸਿੰਘ





**ਚੌਕ ਮਹਿਤਾ, 19 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੀ ਸੂਬਾ ਪੱਧਰੀ ਕਾਰਜਕਾਰਨੀ ਕਮੇਟੀ ਦੀ ਹੰਗਾਮੀ ਮੀਟਿੰਗ ਐਲਡੋ-ਰੈਡੋ ਹੋਟਲ ਰਣਜੀਤ ਐਵੀਨਿਊ ਵਿਚ ਇੰਜ ਸੁਰਿੰਦਰ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਅੰਮ੍ਰਿਤਸਰ- ਜਲੰਧਰ ਜੋਨਾਂ ਦੀਆਂ ਜ਼ੋਨਲ ਕਮੇਟੀਆਂ ਦੇ ਅਹੁਦੇਦਾਰਾਂ ਦੇ ਨਾਲ ਹੀ ਅੰਮ੍ਰਿਤਸਰ ਜੋਨ ਤੋਂ ਤਕਰੀਬਨ ਸਾਰੇ ਵਿਭਾਗਾਂ ਦੇ ਇੰਜੀਨੀਅਰ ਸਾਥੀਆਂ ਦੀ ਸ਼ਮੂਲੀਅਤ ਕਾਰਨ ਇਸ ਮੀਟਿੰਗ ਵਿੱਚ ਲਗਭਗ ਮਿੰਨੀ ਇਜਲਾਸ ਵਾਲਾ ਮਾਹੌਲ ਬਣ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਅੰਮ੍ਰਿਤਸਰ ਜੋਨ ਦੇ ਮੁੱਖ ਸਲਾਹਕਾਰ ਇੰਜੀ. ਹਰਜਿੰਦਰ ਸਿੰਘ ਸਰਾਏ, ਜ਼ੋਨਲ ਕਨਵੀਨਰ ਇੰਜੀ. ਰਮੇਸ਼ ਜੇਤਲੀ ਅਤੇ ਕੋ-ਕਨਵੀਨਰ ਇੰਜੀ. ਕਸ਼ਮੀਰ ਸਿੰਘ ਵਡਾਲਾ ਨੇ ਜੋਨ ਦੇ ਸਾਥੀਆਂ ਦਾ ਸਹਿਯੋਗ ਲੈਕੇ ਇੰਜੀ. ਕੁਲਦੀਪ ਸਿੰਘ ਬੋਪਾਰਾਏ ਵਧੀਕ ਵਿੱਤ ਸਕੱਤਰ ਸੂਬਾ ਕਾਰਜਕਾਰਨੀ ਦੀ ਰਹਿਨੁਮਾਈ ਹੇਠ ਵਰਕਿੰਗ ਸੂਬਾ ਪ੍ਰਧਾਨ ਇੰਜੀ. ਸੁਰਿੰਦਰ ਸਿੰਘ ਸੋਢੀ, ਜਨਰਲ ਸਕੱਤਰ ਇੰਜੀ. ਵੀ ਕੇ ਕਪੂਰ, ਮੁੱਖ ਸਲਾਹਕਾਰ ਇੰਜ ਦਲਜੀਤ ਸਿੰਘ ਕੋਹਲੀ, ਸੀਨੀ ਮੀਤ ਪ੍ਰਧਾਨ ਇੰਜ ਰਮਨ ਸ਼ਰਮਾ, ਮੀਤ ਪ੍ਰਧਾਨ ਇੰਜੀ. ਨਰੇਸ਼ ਕੁਮਾਰ ਸ਼ਰਮਾ, ਵਧੀਕ ਜਨਰਲ ਸਕੱਤਰ ਇੰਜੀ. ਬਲਦੇਵ ਸਿੰਘ ਲੇਹਲ, ਪ੍ਰਬੰਧਕੀ ਸਕੱਤਰ ਇੰਜੀ. ਗੁਰਨਾਮ ਸਿੰਘ ਚਾਨਾ, ਆਫਿਸ ਸਕੱਤਰ ਇੰਜੀ. ਤੇਜਿੰਦਰ ਸਿੰਘ ਵਾਲੀਆ, ਪ੍ਰੈਸ ਸਕੱਤਰ ਇੰਜੀ. ਸੁਖਵਿੰਦਰ ਸਿੰਘ ਸੈਣੀ, ਇੰਜੀ. ਗੁਰਮੇਲ ਸਿੰਘ ਸੈਣੀ ਅਤੇ ਪ੍ਰਾਪੇਗੰਡਾ ਸਕੱਤਰ ਇੰਜੀ. ਅਵਤਾਰ ਸਿੰਘ ਬੈਂਸ ਦਾ ਫੁੱਲਾਂ ਦੇ ਹਾਰ ਪਾ ਕੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਉਪਰੰਤ ਜਲੰਧਰ ਦੀ ਜ਼ੋਨਲ ਕਮੇਟੀ ਦੇ ਮੁੱਖ ਸਲਾਹਕਾਰ ਇੰਜੀ. ਸੰਤੋਖ ਸਿੰਘ ਸੋਖੀ, ਜ਼ੋਨਲ ਕਨਵੀਨਰ ਇੰਜੀ. ਮਨਜੀਤ ਸਿੰਘ ਗਰੋਵਰ, ਕੋ ਕਨਵੀਨਰ ਇੰਜੀ. ਅਸ਼ਵਨੀ ਭਾਟੀਆ, ਇੰਜੀ. ਓਮ ਪ੍ਰਕਾਸ਼ ਗੰਭੀਰ ਅਤੇ ਆਫਿਸ ਸਕੱਤਰ ਇੰਜੀ ਹਰੀਸ਼ ਕੁਮਾਰ ਸ਼ਰਮਾ ਦਾ ਫੁੱਲ ਮਾਲਾਵਾਂ ਪਾ ਕੇ ਸਵਾਗਤ ਕੀਤਾ। ਅੰਮ੍ਰਿਤਸਰ ਜੋਨ ਦੇ ਕਨਵੀਨਰ ਇੰਜ ਰਮੇਸ਼ ਜੇਤਲੀ ਦੀਆਂ ਵਿਚਾਰਾਂ ਅਤੇ ਪ੍ਰਾਪੇਗੰਡਾ ਸਕੱਤਰ ਇੰਜੀ. ਅਵਤਾਰ ਸਿੰਘ ਜੀ ਦੀ ਕਵਿਤਾ ਨੂੰ ਹਾਜ਼ਰੀਨ ਵਲੋਂ ਬੜੀ ਸ਼ਿੱਦਤ ਨਾਲ ਸੁਣਿਆ ਗਿਆ ਇੰਜ ਬਲਦੇਵ ਸਿੰਘ ਲੇਹਲ ਵਧੀਕ ਜਨਰਲ ਸਕੱਤਰ ਨੇ ਐਲ ਟੀ ਸੀ ਦੇ ਨਵੀਂ ਬੇਸਿਕ ਪੇ ਅਨੁਸਾਰ ਉਨ੍ਹਾਂ ਨੂੰ ਮਿਲ ਚੁੱਕੀ ਬਕਾਇਆ ਰਾਸ਼ੀ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਸਰਕਾਰ ਕੋਲੋਂ ਪੈਨਸ਼ਨਰਾਂ ਦੇ ਮੈਡੀਕਲ ਬਿਲਾਂ ਦੀ ਕੈਸ਼ਲੈਸ ਸਕੀਮ ਨੂੰ ਦੁਬਾਰਾ ਸ਼ੁਰੂ ਕਰਵਾਉਣ ਦੇ ਉਪਰਾਲੇ ਅਰੰਭ ਕੀਤੇ ਜਾਣ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਪਰੰਤ ਸੂਬਾਈ ਜਨਰਲ ਸਕੱਤਰ ਇੰਜ ਕਪੂਰ ਸਾਹਿਬ ਨੇ 2016 ਤੋਂ ਬਣੀ ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੇ ਹੁਣ ਤੱਕ ਦੇ ਸਫ਼ਰ ਦਾ ਵਿਸਤਾਰ ਵਿੱਚ ਵਰਨਣ ਕੀਤਾ। ਉਨ੍ਹਾਂ ਦਸਿਆ ਕਿ ਰਿਟਾਇਰਡ ਡਿਪਲੋਮਾ ਇੰਜੀਨੀਅਰ ਸਾਥੀਆਂ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਲੋੜੀਂਦੇ ਹੀਲੇ ਵਸੀਲਿਆਂ ਨੂੰ ਵਰਤਿਆ ਜਾਵੇਗਾ

ਵਰਕਿੰਗ ਸੂਬਾ ਪ੍ਰਧਾਨ ਇੰਜੀ. ਸੁਰਿੰਦਰ ਸੋਢੀ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ ਵਿਚ ਤਜ਼ਵੀਜ਼ ਪੇਸ਼ ਕੀਤੀ ਕਿ ਮਿਤੀ 12.12.2024 ਨੂੰ ਸੂਬਾ ਕਾਰਜਕਾਰੀ ਕਮੇਟੀ ਦੀ ਜਲੰਧਰ ਵਿਖੇ ਹੋਈ ਮੀਟਿੰਗ ਵਿੱਚ ਲਏ ਗਏ ਫੈਸਲੇ ਮੁਤਾਬਿਕ ਜਲ ਸਰੋਤ ਵਿਭਾਗ ਵੱਲੋਂ ਸੂਬਾ ਪ੍ਰਧਾਨ ਦੇ ਅਹੁਦੇ ਵਾਸਤੇ ਯੋਗ ਉਮੀਦਵਾਰ ਲੈਣਾ ਚਾਹੀਦਾ ਹੈ। ਉਨ੍ਹਾਂ ਨੇ ਪ੍ਰਧਾਨ ਦੇ ਅਹੁਦੇ ਵਾਸਤੇ ਮੁੱਖ ਸਲਾਹਕਾਰ ਦੀ ਸੇਵਾ ਨਿਭਾ ਰਹੇ ਇੰਜੀ. ਦਲਜੀਤ ਸਿੰਘ ਕੋਹਲੀ ਦਾ ਨਾਮ ਦੀ ਤਜਵੀਜ਼ ਪ੍ਰਧਾਨ ਦੇ ਅਹੁਦੇ ਲਈ ਪੇਸ਼ ਕੀਤੀ। ਉਨ੍ਹਾਂ ਦੀ ਇਸ ਤਜ਼ਵੀਜ਼ ਨੂੰ ਸੁਣਦੇ ਹੀ ਸਾਰੇ ਹਾਲ ਵਿਚ ਖੁਸ਼ੀ ਦਾ ਮਾਹੌਲ ਬਣ ਗਿਆ। ਇੰਜ ਵੀ ਕੇ ਕਪੂਰ ਨੇ ਦਸਿਆ ਕਿ 17.10.2024 ਦੇ ਇਜਲਾਸ ਵਿੱਚ ਚੁਣੇ ਗਏ ਪੰਜਾਂ ਵਿੱਚੋ ਚਾਰ ਅਹੁਦੇਦਾਰਾਂ ਨੇ ਅਤੇ 19.12.2024 ਨੂੰ ਕਾਰਜਕਾਰਨੀ ਕਮੇਟੀ ਦੇ ਫਾਈਨਲ ਹੋ ਚੁੱਕੇ 12 ਵਿੱਚੋਂ 9 ਅਹੁਦੇਦਾਰਾਂ ਨੇ ਅਤੇ ਮੀਟਿੰਗ ਵਿੱਚ ਹਾਜ਼ਰ 100% ਮੈਂਬਰਾਂ ਨੇ ਸੋਢੀ ਸਾਹਿਬ ਦੀ ਤਜ਼ਵੀਜ਼ ਦਾ ਉਤਸ਼ਾਹ ਨਾਲ ਤਾੜੀਆਂ ਮਾਰਦੇ ਹੋਏ ਸਵਾਗਤ ਕੀਤਾ। ਅੱਜ ਦੇ ਹਾਊਸ ਵਿਚ ਹਾਜ਼ਰ ਸਮੂਹ ਇੰਜੀਨੀਅਰਜ ਨੇ ਇੰਜੀ. ਦਲਜੀਤ ਸਿੰਘ ਕੋਹਲੀ ਨੂੰ ਸੂਬਾ ਪ੍ਰਧਾਨ ਦੇ ਅਹੁਦੇ ਲਈ ਯੋਗ ਉਮੀਦਵਾਰ ਪਰਵਾਨ ਕਰਦੇ ਹੋਏ ਉਨ੍ਹਾਂ ਨੂੰ ਫੁੱਲਾਂ ਦੇ ਹਾਰਾਂ ਨਾਲ ਲੱਦ ਦਿੱਤਾ

*ਇਸ ਉਪਰੰਤ ਸੀਨੀਅਰ ਮੀਤ ਪ੍ਰਧਾਨ ਦੇ ਰੂਪ ਵਿੱਚ ਇੰਜੀ. ਸੁਰਿੰਦਰ ਸਿੰਘ ਸੋਢੀ ਵਲੋਂ ਡਿਪਲੋਮਾ ਇੰਜੀਨੀਅਰ ਪੈਨਸ਼ਨਰਾਂ ਦੀਆਂ ਮੁਕੰਮਲ ਸਮੱਸਿਆਵਾਂ ਜਿਵੇਂ ਸੋਆਈਲ ਕੰਜ਼ਰਵੇਸ਼ਨ ਵਿਭਾਗ ਦੀ ਤਰਜ਼ ਤੇ ਪੇ-ਸਕੇਲਾਂ ਦੇ ਕੋਰਟ ਕੇਸਾਂ ਦਾ ਨਿਪਟਾਰਾ, ਡੀ ਏ ਅਤੇ ਬਕਾਏ ਦੀ ਅਦਾਇਗੀ ਕਰਵਾਉਣਾ, ਟੈਕਸਾਂ ਦੀ ਫਾਲਤੂ ਕਟੌਤੀ ਰੁਕਵਾਉਣਾ, ਕਮੂਟੇਸ਼ਨ ਦੀ ਵਾਧੂ ਕਟੌਤੀ ਰੁਕਵਾਉਣਾ ਆਦਿ ਦਾ ਹੱਲ ਕਰਵਾਉਣ ਲਈ ਰਣਨੀਤੀ ਤਿਆਰ ਕਰਨ ਦਾ ਜਿਕਰ ਕੀਤਾ

*ਇੰਜੀ. ਦਲਜੀਤ ਸਿੰਘ ਕੋਹਲੀ ਜ਼ੋ ਬਹੁਤ ਭਾਵੁਕ ਨਜ਼ਰ ਆ ਰਹੇ ਸਨ, ਨੇ ਸੂਬਾ ਪ੍ਰਧਾਨ ਚੁਣੇ ਜਾਣ ਤੋਂ ਬਾਦ ਆਪਣੇ ਸੰਬੋਧਨ ਵਿੱਚ ਹਾਊਸ ਵਿਚ ਹਾਜ਼ਰ ਮੈਂਬਰਾਂ ਵਲੋਂ ਮਿਲੇ ਪਿਆਰ ਅਤੇ ਸਤਿਕਾਰ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਥੀਆਂ ਵਲੋਂ ਮਿਲੀ ਸੂਬਾ ਪ੍ਰਧਾਨ ਦੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਸਾਥੀਆਂ ਦੇ ਸਹਿਯੋਗ ਨਾਲ ਨਿਭਾਉਣ ਦੇ ਸਿਰਤੋੜ ਯਤਨ ਕਰਨਗੇ। ਇੰਜ ਦਲਜੀਤ ਸਿੰਘ ਕੋਹਲੀ ਨੇ ਸੀਵਰੇਜ ਬੋਰਡ ਅਤੇ ਟਿਊਬਵੈੱਲ ਕਾਰਪੋਰੇਸ਼ਨ ਦੇ ਰਿਟਾਇਰਡ ਇੰਜੀਨੀਅਰਜ ਸਾਥੀਆਂ ਦੀਆਂ ਪੈਨਸ਼ਨਾਂ ਲਗਵਾਉਣ ਲਈ ਸਰਕਾਰ ਨਾਲ ਸਪੰਰਕ ਕਰਕੇ ਮਸਲੇ ਹੱਲ ਕਰਵਾਉਣ ਦੀ ਗੱਲ ਉਚੇਚੇ ਤੌਰ ਤੇ ਕਹੀ ਅੰਤ ਵਿੱਚ ਅੰਮ੍ਰਿਤਸਰ ਜੋਨ ਦੇ ਮੁੱਖ ਸਲਾਹਕਾਰ ਇੰਜੀ. ਹਰਜਿੰਦਰ ਸਿੰਘ ਸਰਾਏ ਜੀ ਨੇ ਸਟੇਜ ਸੈਕਟਰੀ ਵਜੋਂ ਅਤੇ ਸੀਨੀਅਰ ਸਾਥੀ ਇੰਜੀ. ਹਰਭਜਨ ਬਸਰਾ ਜੀ ਵਲੋਂ ਆਏ ਸਮੂਹ ਰਿਟਾਇਰਡ ਡਿਪਲੋਮਾ ਇੰਜੀਨੀਅਰ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਅੰਮ੍ਰਿਤਸਰ ਤੋਂ ਸਾਥੀ ਇੰਜ ਸ਼ਮਸ਼ੇਰ ਸਿੰਘ ਜੋਸ਼ਨ, ਇੰਜ ਹਰਭਿੰਦਰ ਸਿੰਘ, ਇੰਜ ਗੁਰਮੀਤ ਸਿੰਘ, ਇੰਜ ਪ੍ਰਗਟ ਸਿੰਘ, ਇੰਜ ਇੰਜ ਹਰਦੇਵ ਸਿੰਘ ਕਾਹਲੋ, ਇੰਜ ਕੰਵਲਜੀਤ ਸਿੰਘ ਇੰਜ ਨਿਰਮਲ ਜੀਤ ਸਿੰਘ ਇੰਜ ਹਰਜਿੰਦਰ ਸਿੰਘ ਪੁਰਬਾ, ਇੰਜ ਸਲਵਾਨ ਸਾਹਿਬ, ਇੰਜ ਅਸ਼ਵਨੀ ਕੁਮਾਰ, ਇੰਜ ਹਰਭਜਨ ਲਾਲ, ਇੰਜ ਸੁਖਬੀਰ ਸਿੰਘ, ਇੰਜ ਲਖਵਿੰਦਰ ਸਿੰਘ, ਇੰਜ ਸੁਨੀਲ ਕੁਮਾਰ, ਇੰਜ ਬਰਜਿੰਦਰ ਗਰੋਵਰ, ਇੰਜ ਸੂਰੀ ਸਾਹਿਬ, ਇੰਜ ਹਰਜੀਤ ਸਿੰਘ, ਇੰਜ ਪਰਮਜੀਤ ਸਿੰਘ ਪੰਮੀ, ਇੰਜ ਸਤਿੰਦਰ ਸਿੰਘ, ਇੰਜ ਸੁਰਿੰਦਰ ਮਹਾਜਨ, ਨਿਗਰਾਨ ਇੰਜ ਪ੍ਰਦੁਮਨ ਸਿੰਘ, ਇੰਜ ਅਸ਼ੋਕ ਕੁਮਾਰ, ਇੰਜ ਨਵਤੇਜ ਸਿੰਘ, ਇੰਜ ਸੁੱਚਾ ਸਿੰਘ ਬਾਬਾ, ਇੰਜ ਅਜੈ ਕੁਮਾਰ ਵਿੱਤ ਸਕੱਤਰ ਅਮ੍ਰਿਤਸਰ ਹਾਜ਼ਰ ਹੋਏ ਮੀਟਿੰਗ ਦੀ ਸ਼ੋਭਾ ਵਧਾਈ।

# ਜਰਮਨ ਦੀਆਂ ਪੰਥਕ ਜਥੇਬੰਦੀਆਂ ਵੱਲੋਂ 26 ਜਨਵਰੀ ਨੂੰ ਕਾਲੇ ਦਿਨ ਵਜੋਂ ਮਨਾਉਣ ਦੀ ਅਪੀਲ

☛ ਭਾਰਤੀ ਕੌਂਸਲੇਟ ਫਰੈਂਕਫੋਰਟ ਸਾਹਮਣੇ ਰੋਸ ਮੁਜ਼ਾਹਰਾ ☛

## ਸੰਗਤਾਂ ਨੂੰ ਯੂਏਪੀਏ ਵਰਗੇ ਕਾਲੇ ਕਾਨੂੰਨ ਦੇ ਵਿਰੋਧ ਵਿੱਚ ਵੱਧ ਤੋਂ ਵੱਧ ਸ਼ਾਮਲ ਹੋਣ ਦੀ ਅਪੀਲ - ਗੁਰਚਰਨ ਸਿੰਘ ਗੁਰਾਇਆ

**ਜਰਮਨ, 19 ਜਨਵਰੀ (ਸਰਬਜੀਤ ਸਿੰਘ ਬਨੂੜ)**-ਵਰਲਡ ਸਿੱਖ ਪਾਰਲੀਮੈਂਟ ਦੇ ਕੋ -ਕੋਅਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਪ੍ਰੈਸ ਦੇ ਨਾਂ ਜਾਰੀ ਬਿਆਨ ਕਰਦਿਆਂ ਹੋਇਆਂ ਕਿਹਾ ਕਿ 26 ਜਨਵਰੀ 1950 ਨੂੰ ਲਾਗੂ ਹੋਏ ਭਾਰਤੀ ਸੰਵਿਧਾਨ ਨੂੰ ਲਾਗੂ ਕਰਨ ਦੀ 75ਵੀ ਵਰ੍ਹੇਗੰਢ ਦੇ ਮੰਨੂਵਾਦੀਆਂ ਵੱਲੋਂ ਖੁਸ਼ੀਆਂ ਦੇ ਜਸ਼ਨ ਨੂੰ ਕਾਲੇ ਦਿਨ ਵਜੋਂ



ਆਵਾਜ਼ਿ ਕੌਮ AWAZE QAUM International Newspaper & WEB TV

ਮਨਾਉਣ ਦੀ ਅਪੀਲ ਕਰਦਿਆਂ ਭਾਰਤੀ ਕੌਂਸਲੇਟ ਫਰੈਂਕਫੋਰਟ ਸਾਹਮਣੇ ਰੋਸ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦਾ ਦਸਤਾਵੇਜ਼, ਸਿੱਖਾਂ ਨਾਲ ਕੀਤੇ ਧੋਖੇ, ਸਿੱਖ ਕੌਮ ਨੂੰ ਵੱਖਰੀ ਕੌਮ ਮੰਨਣ ਤੋਂ ਇਨਕਾਰੀ ਹੀ ਨਹੀ ਸਗੋ ਇਸ ਦੀ ਆੜ ਹੇਠ ਪੰਜਾਬ ਦੀ ਲਗਾਤਾਰ ਆਰਥਿਕ ,ਸਮਾਜਿਕ ,ਸੱਭਿਆਚਾਰਿਕ ਤੇ ਰਾਜਨੀਤਿਕ ਨਸਲਕੁਸ਼ੀ ਕੀਤੀ ਜਾ ਰਹੀ ਹੈ।

ਪੰਜਾਬ ਦੀ ਕਿਸਾਨੀ ਨੂੰ ਤਬਾਹ ਕਰਨ ਤੇ ਕਿਸਾਨੀ ਮੰਗਾਂ ਮੰਨਣ ਦੀ ਬਜਾਏ ਉਹਨਾਂ ਤੇ ਜ਼ੁਲਮ ਢਾਹਿਆ ਜਾ ਰਿਹਾ ਹੈ, ਰਾਜਸੀ ਸਿੱਖ ਕੈਦੀਆਂ ਦੀ ਰਿਹਾਈ ਵਾਸਤੇ ਸੰਘਰਸ਼ ਕਰ ਰਹੇ ਕੌਮੀ ਇਨਸਾਫ਼ ਮੋਰਚੇ ਤੇ ਲਾਠੀਚਾਰਜ ,ਪੀਲ਼ੀ ਭੀਤ ਵਿੱਚ ਪੰਜਾਬ ਦੇ ਨਿਰਦੋਸ਼ ਤਿੰਨ ਨੌਜਵਾਨਾਂ ਦਾ ਝੂਠਾ ਪੁਲਿਸ ਮੁਕਾਬਲਾ ਬਣਾਉਣ ਤੇ ਭਾਰਤ ਦੇ ਗ੍ਰਹਿਮੰਤਰੀ ਦਾ ਸਿੱਖ ਕੌਮ ਨੂੰ ਜਲੀਲ ਤੇ ਗੁਲਾਮੀ ਦਾ ਅਹਿਸਾਸ ਕਰਾਉਣ ਵਾਲਾ ਬਿਆਨ, ਘੱਟ ਗਿਣਤੀ ਕੌਮਾਂ ਨੂੰ ਹਿੰਦੂਤਵੀਆਂ ਦੇ ਸਦੀਵੀ ਗੁਲਾਮ ਬਣਾਉਣ ਲਈ ਪਾਰਲੀਮੈਂਟ ਵਿੱਚ ਕਾਲੇ ਕਾਨੂੰਨ ਬਣਾਉਣੇ ਆਦਿ ਹਨ। ਇਸ ਮੌਕੇ ਗੁਰਾਇਆ ਨੇ ਸੰਗਤਾਂ ਨੂੰ ਯੂਏਪੀਏ ਵਰਗੇ ਕਾਲੇ ਕਾਨੂੰਨ ਦੇ ਵਿਰੋਧ ਵਿੱਚ ਵੱਧ ਤੋਂ ਵੱਧ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।

# ਬਰਨਾਲਾ ਪੁਲਿਸ ਦੇ ਟ੍ਰੈਫਿਕ ਇੰਚਾਰਜ ਸਬ ਇੰਸਪੈਕਟਰ ਰਣਧੀਰ ਸਿੰਘ ਵਲੋਂ ਟ੍ਰੈਫਿਕ ਟੀਮ ਨੂੰ ਲੈਕੇ ਬੱਸ ਸਟੈਂਡ ਅਤੇ ਬਾਜ਼ਾਰਾਂ 'ਚ ਵਾਹਨਾਂ ਦੀ ਚੈੱਕਿੰਗ ਕਰਦਿਆਂ ਚਲਾਣ ਕੱਟੇ



**ਬਰਨਾਲਾ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਟ੍ਰੈਫਿਕ ਨਿਯਮਾਂ ਦੀ ਅਣਦੇਖੀ,ਵਾਹਨਾਂ ਦੇ ਅਧੂਰੇ ਕਾਗਜਾਤ ਵਿਰੁੱਧ ਬਰਨਾਲਾ ਪੁਲਿਸ ਟ੍ਰੈਫ਼ਿਕ ਇੰਚਾਰਜ ਸਬ ਇੰਸਪੈਕਟਰ ਰਣਧੀਰ ਸਿੰਘ ਵਲੋਂ ਕਰਮਚਾਰੀਆਂ ਸਹਿਤ ਬੱਸ ਸਟੈਂਡ,ਬਾਜ਼ਾਰਾਂ ਅਤੇ ਹੋਰ ਥਾਵਾਂ ਤੇ ਨਾਕਾ ਲਗਾ ਕੇ ਚਲਾਨ ਕੱਟੇ ਜਿਨ੍ਹਾਂ ਨੂੰ ਦੇਖ ਅਧੂਰੇ ਕਾਗਜਾਤ ਤੇ ਓਵਰਲੋਡ ਮੋਟਰਸਾਈਕਲਾਂ ਵਾਲੀਂ ਦੀਆਂ ਭਾਜੜਾਂ ਪਈਆਂ ਰਹੀਆਂ ! ਪ੍ਰਸ਼ਾਸ਼ਨ ਦੇ ਨਿਰਧਾਰਿਤ ਸਮੇਂ ਤੋਂ ਬਾਅਦ ਦਿਨ ਸਮੇਂ ਸ਼ਹਿਰ ਚ ਵੱਡੇ ਟਰੱਕ ਟਰਾਲੀਆਂ ਸਮੇਤ ਹੋਰ ਚਾਹ ਪਹੀਆ ਵਾਹਨਾਂ ਦੇ ਬਾਜ਼ਾਰਾਂ ਚ ਦਾਖਲੇ ਆਦਿ ਖਿਲਾਫ ਵੀ ਐਕ੍ਸ਼ਨ ਲਿਆ ਗਿਆ ! ਸ਼ਹਿਰ ਦੇ ਬਾਜ਼ਾਰਾਂ ਵਿਚ ਟ੍ਰੈਫਿਕ ਸਮੱਸਿਆ ਸੰਬੰਧੀ ਗੱਲਬਾਤ ਕਰਦਿਆਂ ਸਬ ਇੰਸਪੈਕਟਰ ਰਣਧੀਰ ਸਿੰਘ ਨੇ ਕਿਹਾ ਕਿ ਜਿਲਾ ਪੁਲਿਸ ਮੁਖੀ ਸ਼੍ਰੀ ਸੰਦੀਪ ਕੁਮਾਰ ਜੀ ਦੇ ਹੁਕਮਾਂ ਅਨੁਸਾਰ ਟ੍ਰੈਫਿਕ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਾਇ ਟ੍ਰੈਫਿਕ ਟੀਮਾਂ ਦਿਨ ਰਾਤ ਤਤਪਰ ਹਨ ਉਹਨਾਂ ਬਾਜ਼ਾਰਾਂ ਦੀ ਟ੍ਰੈਫਿਕ ਸਮੱਸਿਆ ਸੰਬੰਧੀ ਕਿਹਾ ਕਿ ਦੁਕਾਨਦਾਰਾਂ ਵਲੋਂ ਦੁਕਾਨਾਂ ਅੱਗੇ ਵੱਧ ਜਗ੍ਹਾ ਰੋਕ ਕੇ ਰੱਖ ਸਾਮਾਨ ਦੀ ਵਜ੍ਹਾ ਕਾਰਨ ਟ੍ਰੈਫ਼ਿਕ ਪ੍ਰਭਾਵਿਤ ਹੁੰਦੀ ਹੈ ! ਜਿਸ ਦਾ ਖਾਮਿਆਜਾ ਰਾਹਗੀਰਾਂ ਨੂੰ ਭੁਗਤਣਾ ਪੈਂਦਾ ਹੈ ! ਸ਼ਹਿਰ ਬਰਨਾਲਾ ਦੇ ਸਦਰ ਬਾਜ਼ਾਰ/ਫਰਵਾਹੀ ਬਾਜ਼ਾਰ/ਹੰਡਿਆਇਆ ਬਾਜ਼ਾਰ ਅਤੇ ਕੱਚਾ ਕਾਲਜ ਰੋਡ/ਪੱਕਾ ਕਾਲਜ ਰੋਡ ਉਪਰ ਕਿਸੇ ਕਿਸਮ ਦਾ ਸਮਾਨ ਦੁਕਾਨਦਾਰਾਂ ਵਲੋਂ ਆਪਣੀ ਮਾਲਕੀ ਦੀ ਹੱਦ ਤੋਂ ਬਾਹਰ ਨਾ ਰੱਖਿਆ ਜਾਵ੍ਹੇ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਬਾਜ਼ਾਰਾਂ ਵਿਚ ਕਿਸੇ ਵੀ ਕਿਸਮ ਦਾ ਚਾਰ ਪਹੀਆ ਵਾਹਨ ਦੀ ਪਾਰਕਿੰਗ ਰੇਲਵੇ ਸਟੇਸ਼ਨ ਬਰਨਾਲਾ ਦੀ ਪਾਰਕਿੰਗ ਵਿੱਚ ਕੀਤੀ ਜਾਵ੍ਹੇ ਸਾਰੇ ਬਾਜ਼ਾਰਾਂ ਵਿਚ ਲੋਡਿੰਗ ਵਹੀਕਲਜ਼,ਲੋਡਿੰਗ ਟਰੈਕਟਰ-ਟਰਾਲੀਆਂ, ਟੈਂਪੂਆਂ, ਟਾਟਾ 407 ,ਟਰੱਕਾਂ ਆਦਿ ਦੇ ਦਾਖ਼ਲ ਹੋਣ ਦਾ ਸਮਾਂ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਨਿਰਧਾਰਿਤ ਕੀਤਾ ਗਿਆ ਹੈ ! ਟ੍ਰੈਫ਼ਿਕ ਵਿੱਚ ਪੁਲਿਸ ਨਫਰੀ ਦੇ ਘੱਟ ਹੋਣ ਤੇ ਗੱਲ ਕਰਦਿਆਂ ਕਿਹਾ ਕਿ ਸ਼ਹਿਰ ਦਾ ਘੇਰਾ ਵੱਡਾ ਹੈ ਐੱਸ ਐੱਸ ਪੀ ਨੂੰ ਇਸ ਸੰਬੰਧੀ ਗੁਜਾਰਿਸ਼ ਕੀਤੀ ਗਈ ਹੈ !ਇਸ ਮੌਕੇ ਸਬ ਇੰਸਪੈਕਟਰ ਜਗਪਾਲ ਸਿੰਘ,ਏਐਸਆਈ ਗੁਰਚਰਨ ਸਿੰਘ,ਏਐਸਆਈ ਦੀਵਾਨ ਸਿੰਘ,ਏਐਸਆਈ ਬਲਵੀਰ ਸਿੰਘ,ਐਚ.ਸੀ ਹਰਬੰਸ ਸਿੰਘ ਤੇ ਮਨਦੀਪ ਸਿੰਘ ਹਾਜ਼ਿਰ ਸਨ !

# ਭਾਸ਼ਾ ਵਿਭਾਗ ਦੇ ਰਸਾਲਿਆਂ ਲਈ ਲੇਖਕਾਂ ਪਾਸੋਂ ਰਚਨਾਵਾਂ ਦੀ ਮੰਗ

**ਬਰਨਾਲਾ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਸ.ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਭਾਸ਼ਾ ਵਿਭਾਗ, ਪੰਜਾਬ ਵੱਲੋਂ ਵਿਭਾਗ ਦੇ ਡਾਇਰੈਕਟਰ ਸ.ਜਸਵੰਤ ਸਿੰਘ ਜ਼ਫ਼ਰ ਦੀਆਂ ਹਦਾਇਤਾਂ ਅਨੁਸਾਰ ਪੰਜਾਬੀ ਭਾਸ਼ਾ ਅਤੇ ਸਾਹਿਤ ਦੀ ਪ੍ਰਫੁਲਿਤਾ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਹੀ ਉਪਰਾਲਿਆਂ ਤਹਿਤ ਵਿਭਾਗ ਵੱਲੋਂ ਪੰਜਾਬੀ ਦੇ ਦੋ ਰਸਾਲੇ 'ਜਨ ਸਾਹਿਤ ਅਤੇ ਪੰਜਾਬੀ ਦੁਨੀਆ' ਪ੍ਰਕਾਸ਼ਿਤ ਕੀਤੇ ਜਾ ਰਹੇ ਹਨ। ਬਿੰਦਰ ਸਿੰਘ ਖੁੱਡੀ ਕਲਾਂ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਇਹ ਦੋਵੇਂ ਰਸਾਲੇ ਮਹੀਨਾਵਾਰ ਪ੍ਰਕਾਸ਼ਿਤ ਕੀਤੇ ਜਾਂਦੇ ਹਨ। ਰਸਾਲਿਆਂ 'ਚ ਛਪਣ ਲਈ ਕੋਈ ਵੀ ਲੇਖਕ ਆਪਣੀ ਰਚਨਾ ਭੇਜ ਸਕਦਾ ਹੈ। ਰਸਾਲਾ ਜਨ ਸਾਹਿਤ ਲਈ ਲੇਖਕ ਆਪਣੀਆਂ ਮੌਲਿਕ ਅਤੇ ਅਪ੍ਰਕਾਸ਼ਿਤ ਰਚਨਾਵਾਂ ਲੇਖ, ਕਵਿਤਾ, ਗ਼ਜ਼ਲ, ਕਹਾਣੀ, ਰੇਖਾ ਚਿੱਤਰ ਅਤੇ ਮੁਲਾਕਾਤਾਂ ਆਦਿ ਦੇ ਰੂਪ ਵਿੱਚ ਭੇਜ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243